ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 18 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੪ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਤੜਕੇ-ਤੜਕੇ ਵਾਰਦਾਤ ਨੂੰ ਦਿੱਤਾ ਅੰਜਾਮ


# ਪੰਜਾਬ ਦੇ ਥਾਣੇ 'ਚ ਫਿਰ ਹੋਇਆ ਧਮਾਕਾ

**ਅੰਮ੍ਰਿਤਸਰ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਅੰਮ੍ਰਿਤਸਰ 'ਚ ਇਸਲਾਮਾਬਾਦ ਚੌਕੀ 'ਤੇ ਮੰਗਲਵਾਰ ਸਵੇਰੇ 3.15 ਵਜੇ ਧਮਾਕਾ ਹੋਇਆ। ਇਸ ਮਗਰੋਂ ਪੁਲਿਸ ਨੇ ਥਾਣੇ ਦੇ ਗੇਟ ਬੰਦ ਕਰ ਦਿੱਤੇ। ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਹਨ ਅਤੇ ਜਾਂਚ ਕੀਤੀ ਜਾ ਰਹੀ ਹੈ। ਇਸ ਤੋਂ ਪਹਿਲਾਂ 4 ਦਸੰਬਰ ਨੂੰ ਅੰਮ੍ਰਿਤਸਰ ਵਿੱਚ ਹੀ ਮਜੀਠਾ ਥਾਣੇ ਵਿੱਚ ਧਮਾਕਾ ਹੋਇਆ ਸੀ। ਇਸ ਕਾਰਨ ਥਾਣੇ ਦੀਆਂ ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ ਸਨ। ਫਿਰ ਥਾਣੇ 'ਚ ਹੈਂਡ ਗ੍ਰਨੇਡ ਸੁੱਟਣ ਦਾ ਮਾਮਲਾ ਸਾਹਮਣੇ ਆਇਆ। ਹਾਲਾਂਕਿ ਕਿਸੇ ਪੁਲਿਸ ਅਧਿਕਾਰੀ ਨੇ ਇਸ ਦੀ ਪੁਸ਼ਟੀ ਨਹੀਂ ਕੀਤੀ। ਇਸ 'ਤੇ ਮਜੀਠਾ ਦੇ ਡੀਐਸਪੀ ਨੇ ਕਿਹਾ ਸੀ ਕਿ ਪੁਲਿਸ ਮੁਲਾਜ਼ਮ ਦੀ ਸਾਈਕਲ ਦਾ ਟਾਇਰ ਫੱਟ ਗਿਆ ਸੀ। ਇਸ ਧਮਾਕੇ ਦੀ ਜ਼ਿੰਮੇਵਾਰੀ ਹੈਪੀ ਪਾਸੀਆਂ ਨੇ ਲਈ ਸੀ। ਉਸ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਸੀ ਕਿ ਅਜਿਹੀ ਕਾਰਵਾਈ ਜਾਰੀ ਰਹੇਗੀ। ਉੱਥੇ ਹੀ ਪੁਲਿਸ ਕਮਿਸ਼ਨਰ ਨੇ ਕਿਹਾ ਕਿ ਥਾਣੇ ਦੇ ਬਾਹਰ ਆਵਾਜ਼ ਤਾਂ ਆਈ ਹੈ ਪਰ ਅਸੀਂ ਹੁਣ ਜਾਂਚ ਕਰ ਰਹੇ ਹਾਂ। ਕਿਉਂਕਿ ਅਸੀਂ ਥਾਣੇ 'ਚ ਹੀ ਮੀਡੀਆ ਨਾਲ ਗੱਲ ਕਰ ਰਹੇ ਹਾਂ ਪਰ ਅਜਿਹਾ ਕੁਝ ਨਹੀਂ ਹੈ, ਅਸੀਂ ਪਹਿਲਾਂ ਵੀ ਕੁਝ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਸੀ ਜਾਂ ਕੁਝ ਨੌਜਵਾਨਾਂ ਦੀ ਗ੍ਰਿਫ਼ਤਾਰੀ ਹੋਣੀ ਬਾਕੀ ਹੈ। ਕਿਉਂਕਿ ਇਸ ਮਾਮਲੇ ਵਿਚ ਕਈ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ, ਇਸ ਲਈ ਉਹ ਆਪਣੀ ਮੌਜੂਦਗੀ ਦਾ ਅਹਿਸਾਸ ਕਰਵਾਉਣ ਲਈ ਕੁਝ ਕਰ ਰਹੇ ਹਨ, ਪਰ ਜਿਹੜੇ ਨੌਜਵਾਨ ਫਰਾਰ ਹਨ, ਉਨ੍ਹਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਇਸ ਦੇ ਨਾਲ ਹੀ ਇਲਾਕੇ ਦੇ ਲੋਕਾਂ ਦਾ ਕਹਿਣਾ ਹੈ ਕਿ ਜਦੋਂ ਤੜਕੇ 3 ਵਜੇ ਧਮਾਕਾ ਹੋਇਆ ਤਾਂ ਉਦੋਂ ਉਹ ਘਰ ਤੋਂ ਬਾਹਰ ਨਿਕਲੇ ਪਰ ਉਨ੍ਹਾਂ ਨੂੰ ਕੁਝ ਵੀ ਨਜ਼ਰ ਨਹੀਂ ਆਇਆ। ਪਰ ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ।




## ਅੰਮ੍ਰਿਤਸਰ ਥਾਣੇ 'ਚ ਧਮਾਕੇ ਮਗਰੋਂ ਬੋਲਿਆ ਗੈਂਗਸਟਰ, ਇਹ ਤਾਂ ਟ੍ਰੇਲਰ...ਸਾਂਭ ਲਓ ਪਰਿਵਾਰ

**ਅੰਮ੍ਰਿਤਸਰ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਗੈਂਗਸਟਰ ਹੈਪੀ ਪਾਸੀਆਂ ਦੇ ਸਾਥੀ ਗੈਂਗਸਟਰ ਜੀਵਨ ਫੌਜੀ ਦੇ ਨਾਂ 'ਤੇ ਸੋਸ਼ਲ ਮੀਡੀਆ ਪੋਸਟਾਂ ਅਤੇ ਆਡੀਓ ਸਾਹਮਣੇ ਆਏ ਹਨ। ਜਿਸ ਵਿਚ ਉਸ ਨੇ ਧਮਾਕੇ ਦੀ ਜ਼ਿੰਮੇਵਾਰੀ ਲਈ ਹੈ,ਪਰ ਅਸੀਂ ਇਸ ਆਡੀਓ ਦੀ ਪੁਸ਼ਟੀ ਨਹੀਂ ਕਰਦੇ। ਵਾਇਰਲ ਆਡੀਓ 'ਚ ਉਸ ਨੇ ਕਿਹਾ ਕਿ ਮੈਂ ਜੀਵਨ ਫੌਜੀ ਬੋਲ ਰਿਹਾ ਹਾਂ। ਮੈਂ ਅੰਮ੍ਰਿਤਸਰ ਦੇ ਇਸਲਾਮਾਬਾਦ ਪੁਲਸ ਸਟੇਸ਼ਨ 'ਤੇ ਗ੍ਰਨੇਡ ਹਮਲੇ ਦੀ ਜ਼ਿੰਮੇਵਾਰੀ ਲੈਂਦਾ ਹਾਂ। ਇਹ ਪੁਲਸ ਨੂੰ ਸਿੱਧੀ ਚੇਤਾਵਨੀ ਹੈ, ਜੋ ਇਸ ਗੁੰਡਾ ਰਾਜ ਨੂੰ ਚਲਾ ਰਹੇ ਹਨ। ਉਨ੍ਹਾਂ ਕਿਹਾ ਕਿ ਪੁਲਸ ਨੇ ਲੋਕਾਂ ਖ਼ਿਲਾਫ਼ ਗੈਰ-ਕਾਨੂੰਨੀ ਐੱਫ. ਆਈ. ਆਰ. ਦਰਜ ਕੀਤੀਆਂ ਜਾ ਰਹੀਆਂ ਹਨ। ਸਾਡੀਆਂ ਨੌਕਰੀਆਂ ਖੋਹ ਲਈਆਂ ਹਨ ਅਤੇ ਸਾਨੂੰ ਬੇਘਰ ਕਰ ਦਿੱਤਾ। ਇੱਥੋਂ ਤੱਕ ਕਿ ਸਾਡੇ ਮਾਤਾ-ਪਿਤਾ ਅਤੇ ਰਿਸ਼ਤੇਦਾਰਾਂ ਨੂੰ ਵੀ ਜੇਲ੍ਹ ਭੇਜ ਦਿੱਤਾ ਗਿਆ। ਹੁਣ ਅਸੀਂ ਇਸ ਗੱਲ ਦਾ ਜਵਾਬ ਇਸ ਤਰ੍ਹਾਂ ਹੀ ਦੇਵਾਂਗੇ। ਅਸੀਂ ਡਰ ਕੇ ਬੈਠਣ ਵਾਲਿਆਂ 'ਚੋਂ ਨਹੀਂ ਹਾਂ। ਇਹ ਸਿਰਫ ਛੋਟਾ ਜਿਹਾ ਟ੍ਰੇਲਰ ਹੈ, ਪੂਰੀ ਫਿਲਮ ਆਉਣੀ ਬਾਕੀ ਹੈ। ਉਨ੍ਹਾਂ ਕਿਹਾ ਆਪਣੇ ਪਰਿਵਾਰਾਂ ਨੂੰ ਸੁਰੱਖਿਅਤ ਰੱਖੋ। ਤੁਸੀਂ ਸਾਡੇ ਘਰਾਂ ਤੱਕ ਗਏ ਅਸੀਂ ਵੀ ਹੁਣ ਤੁਹਾਡੇ ਘਰਾਂ ਤੱਕ ਜਾਵਾਂਗੇ। ਦੱਸ ਦੇਈਏ ਇਸ ਤੋਂ ਪਹਿਲਾਂ ਜੀਵਨ ਫ਼ੌਜੀ ਵੱਲੋਂ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਬੱਬਰ ਖ਼ਾਲਸਾ ਵੱਲੋਂ ਇਸ ਹਮਲੇ ਦੀ ਜ਼ਿੰਮੇਵਾਰੀ ਲਈ ਗਈ ਹੈ। ਅਸੀਂ ਇਸ ਪੋਸਟ ਦੀ ਪੁਸ਼ਟੀ ਨਹੀਂ ਕਰਦੇ, ਕਿਉਂਕਿ ਇਹ ਅਜੇ ਜਾਂਚ ਦਾ ਵਿਸ਼ਾ ਹੈ। ਦੂਜੇ ਪਾਸੇ ਪੰਜਾਬ ਪੁਲਸ ਦੇ ਅਧਿਕਾਰੀ ਫ਼ਿਲਹਾਲ ਇਸ ਧਮਾਕੇ ਬਾਰੇ ਬੋਲਣ ਨੂੰ ਹੀ ਤਿਆਰ ਨਹੀਂ ਹਨ। ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।







## ਖ਼ਤਰੇ ਦੀ ਘੰਟੀ ! ਡੱਲੇਵਾਲ ਦਾ ਸਰੀਰ ਪੈਣ ਲੱਗਿਆ ਪੀਲਾ

**ਚੰਡੀਗੜ੍ਹ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਖਨੌਰੀ ਬਾਰਡਰ – (ਅਸ਼ਰਫ਼ ਢੁੱਡੀ) ਕਿਸਾਨ ਲੀਡਰ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਨੂੰ ਲੈ ਕੇ ਡਾਕਟਰਾ ਨੇ ਹੈਲਥ ਬੁਲੇਟਿਨ ਜਾਰੀ ਕੀਤਾ ਹੈ । ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 22 ਵੇ ਦਿਨ ਵਿੱਚ ਸ਼ਾਮਿਲ ਹੋ ਗਿਆ ਹੈ। ਡਾਕਟਰਾਂ ਮੁਤਾਬਕ, ਡੱਲੇਵਾਲ ਦਾ ਮਸਲ ਮਾਸ ਹੋਰ ਘਟ ਗਿਆ ਹੈ ਤੇ ਇਸ ਤੋਂ ਇਲਾਵਾ ਕਿਡਨੀ ਮਾਰਕ ਅਤੇ ਲੀਵਰ ਮਾਰਕ ਜਿਆਦਾ ਆ ਰਹੇ ਹਨ। ਡਲੇਵਾਲ ਦੇ ਸਰੀਰ ਨੇ ਅੰਦਰੋ ਆਪਣੇ ਆਪ ਨੂੰ ਖਾਣਾ ਸ਼ੁਰੂ ਕਰ ਦਿਤਾ ਹੈ। ਡਾਕਟਰਾਂ ਨੇ ਦੱਸਿਆ ਕਿ ਜਗਜੀਤ ਸਿੰਘ ਡੱਲੇਵਾਲ ਦੀ ਚਮੜੀ ਦਾ ਰੰਗ ਪੀਲਾ ਪੈ ਗਿਆ ਹੈ ਉਨ੍ਹਾਂ ਨੂੰ ਕਿਸੇ ਵੀ ਸਮੇਂ ਉਨਾ ਨੂੰ ਦਿਲ ਦਾ ਦੌਰਾ ਪੈ ਸਕਦਾ ਹੈ। ਹਾਲਾਂਕਿ ਜਗਜੀਤ ਸਿੰਘ ਡੱਲੇਵਾਲ ਆਪਣੀ ਗੱਲ ਉੱਤੇ ਬਜਿੱਦ ਹਨ, ਉਨ੍ਹਾਂ ਨੇ ਡਾਕਟਰਾ ਨੂੰ ਕਿਹਾ ਹੈ ਕਿ ਉਹ ਕੁਝ ਵੀ ਨਹੀ ਖਾਣਗੇ ਤੇ ਦਵਾਈ ਵੀ ਨਹੀਂ ਲੈਣਗੇ। ਇਸ ਮੌਕੇ ਦੇਖਭਾਲ ਕਰ ਰਹੀ ਡਾਕਟਰਾਂ ਦੀ ਟੀਮ ਨੇ ਕਿਹਾ ਕਿ ਸਾਡੇ ਸਾਰੇ ਹੀ ਸਪੈਸ਼ਿਲਸਟ ਡਾਕਟਰ ਹਰ ਰੋਜ ਡੱਲੇਵਾਲ ਦੀਆਂ ਰਿਪੋਰਟਾਂ ਦੇਖ ਰਹੇ ਹਨ। ਡੱਲੇਵਾਲ ਸਾਨੂੰ ਇਲਾਜ ਕਰਨ ਨਹੀਂ ਦੇ ਰਹੇ ਸਾਡੇ ਹੱਥ ਬੱਝੇ ਹੋਏ ਹਨ। ਇਸ ਮੌਕੇ ਡਾਕਟਰਾਂ ਨੇ ਹੌਂਸਲੇ ਨਾਲ ਕਿਹਾ ਕਿ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਚੜ੍ਹਦੀਕਲਾ ਵਿੱਚ ਹਨ ਪਰ ਸਾਨੂੰ ਜੋ ਦਿਖ ਰਿਹਾ ਹੈ ਉਸ ਅਨੁਸਾਰ ਕਿਸੇ ਵੀ ਸਮੇਂ ਉਨਾ ਦੇ ਸ਼ਰੀਰ ਨੂੰ ਕੁਝ ਵੀ ਹੋ ਸਕਦਾ ਹੈ । ਜ਼ਿਕਰ ਕਰ ਦਈਏ ਕਿ ਡੱਲੇਵਾਲ ਨੇ ਮਰਨ ਵਰਤ ਖ਼ਤਮ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਸ਼ਨੀਵਾਰ ਨੂੰ ਖਨੌਰੀ ਬਾਰਡਰ 'ਤੇ ਡੱਲੇਵਾਲ ਨੇ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਖੁਦਕੁਸ਼ੀਆਂ ਕਰ ਰਹੇ ਕਿਸਾਨਾਂ ਦੀ ਜਾਨ ਮੇਰੀ ਜਾਨ ਤੋਂ ਵੱਧ ਕੀਮਤੀ ਹੈ।

## ਬੀਬੀ ਜਗੀਰ ਕੌਰ ਨੂੰ ਗਾਲ੍ਹ ਕੱਢਣ ਬਾਅਦ ਧਾਮੀ ਖ਼ਿਲਾਫ਼ ਹੋਏ ਸ਼੍ਰੋਮਣੀ ਕਮੇਟੀ ਮੈਂਬਰ ! ਜਥੇਦਾਰ ਤੋਂ ਕੀਤੀ ਕਾਰਵਾਈ ਦੀ ਮੰਗ



**ਅੰਮ੍ਰਿਤਸਰ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀਆਂ ਮੁਸ਼ਕਲਾਂ ਘੱਟ ਹੁੰਦੀਆਂ ਨਜ਼ਰ ਨਹੀਂ ਆ ਰਹੀਆਂ। ਬੀਬੀ ਜਗੀਰ ਕੌਰ ਬਾਬਤ ਬੋਲੀ ਗਈ ਗਲਤ ਸ਼ਬਦਾਵਲੀ ਤੋਂ ਬਾਅਦ ਮਹਿਲਾ ਕਮਿਸ਼ਨ ਨੇ ਇਸ ਮਾਮਲੇ 'ਤੇ ਪਹਿਲਾਂ ਹੀ ਸੂਓ ਮੋਟੋ ਲਿਆ ਹੈ। ਇਸ ਦੇ ਨਾਲ ਹੀ ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵੱਲੋਂ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਮੀਡੀਆ ਨਾਲ ਰਾਬਤਾ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਇਖਲਾਈ ਤੌਰ ਉੱਤੇ ਅਸਤੀਫਾ ਦੇ ਦੇਣਾ ਚਾਹੀਦਾ ਹੈ। ਜ਼ਿਕਰ ਕਰ ਦਈਏ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਕੱਲ੍ਹ ਹੀ ਚੰਡੀਗੜ੍ਹ ਪੁੱਜੇ ਸਨ। ਜਿੱਥੇ ਉਨ੍ਹਾਂ ਨੇ ਮਹਿਲਾ ਕਮਿਸ਼ਨ ਨੂੰ ਆਪਣਾ ਜਵਾਬ ਸੌਂਪਦਿਆਂ ਦੱਸਿਆ ਕਿ ਉਨ੍ਹਾਂ ਤੋਂ ਗ.ਲਤੀ ਹੋਈ ਹੈ, ਜਿਸ ਲਈ ਉਹ ਮੁਆਫ਼ੀ ਮੰਗਦੇ ਹਨ ਪਰ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਸਪੱਸ਼ਟ ਕੀਤਾ ਕਿ ਇਹ ਮਾਮਲਾ ਸਿਰਫ਼ ਮੁਆਫ਼ੀ ਮੰਗਣ ਨਾਲ ਖ਼ਤਮ ਨਹੀਂ ਹੋਵੇਗਾ। ਰਾਜ ਲਾਲੀ ਗਿੱਲ ਨੇ ਦੱਸਿਆ ਕਿ ਉਨ੍ਹਾਂ ਨੇ ਬੀਬੀ ਜਗੀਰ ਕੌਰ ਨਾਲ ਵੀ ਫ਼ੋਨ 'ਤੇ ਗੱਲ ਕੀਤੀ ਹੈ। ਉਹ ਜਲਦੀ ਹੀ ਉਸਨੂੰ ਕਾਲ ਕਰਨਗੇ ਤੇ ਉਨ੍ਹਾਂ ਦਾ ਪੱਖ ਵੀ ਸੁਣਿਆ ਜਾਵੇਗਾ ਜਿਸ ਤੋਂ ਬਾਅਦ ਕਾਰਵਾਈ ਨੂੰ ਅੱਗੇ ਵਧਾਇਆ ਜਾਵੇਗਾ। ਇਸ ਮਾਮਲੇ ਦੇ ਮੀਡੀਆ 'ਚ ਆਉਣ ਤੋਂ ਬਾਅਦ ਮਹਿਲਾ ਕਮਿਸ਼ਨ ਨੇ ਐਡਵੋਕੇਟ ਧਾਮੀ ਨੂੰ ਨੋਟਿਸ ਭੇਜਿਆ ਸੀ। ਕੱਲ੍ਹ ਧਾਮੀ ਇਸ ਜਵਾਬ ਨੂੰ ਲੈ ਕੇ ਮਹਿਲਾ ਕਮਿਸ਼ਨ ਕੋਲ ਪਹੁੰਚੇ ਸੀ। ਇਸ ਦੇ ਨਾਲ ਹੀ ਹੁਣ ਮਹਿਲਾ ਕਮਿਸ਼ਨ ਜਲਦੀ ਹੀ ਬੀਬੀ ਜਗੀਰ ਕੌਰ ਨੂੰ ਬੁਲਾ ਕੇ ਉਨ੍ਹਾਂ ਦੇ ਬਿਆਨ ਲੈ ਸਕਦਾ ਹੈ। ਦੱਸ ਦਈਏ ਕਿ ਬੀਤੇ ਸ਼ਨੀਵਾਰ ਨੂੰ ਐਡਵੋਕੇਟ ਧਾਮੀ ਨੇ ਖ਼ੁਦ ਸ੍ਰੀ ਅਕਾਲ ਤਖਤ ਸਾਹਿਬ ਦੇ ਸਕੱਤਰੇਤ ਵਿਖੇ ਮੁਆਫੀਨਾਮਾ ਪੇਸ਼ ਕੀਤਾ ਸੀ। ਉਨ੍ਹਾਂ ਕਿਹਾ ਸੀ ਕਿ ਫੋਨ 'ਤੇ ਗੱਲ ਕਰਦੇ ਸਮੇਂ ਮੈਂ ਅਣਜਾਣੇ 'ਚ ਕੁਝ ਇਤਰਾਜ਼ਯੋਗ ਸ਼ਬਦ ਬੋਲ ਦਿੱਤੇ। ਮੈਂ ਉਸ ਭਾਸ਼ਾ ਲਈ ਮੁਆਫੀ ਮੰਗਦਾ ਹਾਂ। ਮੈਂ ਬੀਬੀ ਜਗੀਰ ਕੌਰ ਤੇ ਸਮੂਹ ਬੀਬੀਆਂ ਤੋਂ ਮੁਆਫੀ ਮੰਗਦਾ ਹਾਂ।

## 'ਇੱਕ ਦੇਸ਼-ਇੱਕ ਚੋਣ' ਬਿੱਲ ਲੋਕ ਸਭਾ 'ਚ ਪੇਸ਼, ਹੱਕ 'ਚ 269 ਤੇ ਵਿਰੋਧ 'ਚ ਪਈਆਂ 198 ਵੋਟਾਂ, ਜੇਪੀਸੀ ਨੂੰ ਭੇਜਿਆ ਬਿੱਲ




**ਨਵੀਂ ਦਿੱਲੀ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ 'ਚ ਵੋਟਿੰਗ ਤੋਂ ਬਾਅਦ 'ਵਨ ਨੇਸ਼ਨ ਵਨ ਇਲੈਕਸ਼ਨ' ਬਿੱਲ ਲੋਕ ਸਭਾ 'ਚ ਪੇਸ਼ ਕੀਤਾ ਗਿਆ। ਸਦਨ 'ਚ ਬਿੱਲ ਪੇਸ਼ ਕਰਨ ਦੇ ਪ੍ਰਸਤਾਵ ਦੇ ਪੱਖ 'ਚ 269 ਸੰਸਦ ਮੈਂਬਰਾਂ ਨੇ ਵੋਟ ਕੀਤਾ, ਜਦਕਿ 198 ਨੇ ਵਿਰੋਧ 'ਚ ਵੋਟਿੰਗ ਕੀਤੀ। ਬਿੱਲ ਦੋਵਾਂ ਸਦਨਾਂ ਦੀ ਸਾਂਝੀ ਕਮੇਟੀ ਨੂੰ ਭੇਜੇ ਗਏ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਸੁਝਾਅ ਤੋਂ ਬਾਅਦ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਇਸ ਬਿੱਲ ਨੂੰ ਵਿਆਪਕ ਚਰਚਾ ਲਈ ਸੰਸਦ ਦੀ ਸਾਂਝੀ ਕਮੇਟੀ ਕੋਲ ਭੇਜਣ ਦੀ ਬੇਨਤੀ ਕੀਤੀ ਸੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਸ ਬਿੱਲ 'ਤੇ ਲੋਕ ਸਭਾ 'ਚ ਬਿਆਨ ਦਿੱਤਾ ਹੈ। ਲੋਕ ਸਭਾ 'ਚ ਬਿੱਲ 'ਤੇ ਚਰਚਾ ਦੌਰਾਨ ਅਮਿਤ ਸ਼ਾਹ ਨੇ ਕਿਹਾ, "ਜਦੋਂ ਇਹ ਸੰਵਿਧਾਨ ਸੋਧ ਬਿੱਲ ਕੈਬਨਿਟ 'ਚ ਚਰਚਾ ਲਈ ਆਇਆ ਤਾਂ ਪ੍ਰਧਾਨ ਮੰਤਰੀ ਨੇ ਖ਼ੁਦ ਕਿਹਾ ਸੀ ਕਿ ਇਸ ਨੂੰ ਜੇ.ਪੀ.ਸੀ. ਨੂੰ ਦਿੱਤਾ ਜਾਣਾ ਚਾਹੀਦਾ ਹੈ ਤੇ ਇਸ 'ਤੇ ਵਿਸਥਾਰਤ ਚਰਚਾ ਹੋਣੀ ਚਾਹੀਦੀ ਹੈ। ਇਸ 'ਤੇ ਹਰ ਪੱਧਰ 'ਤੇ ਵਿਚਾਰ ਹੋਣੇ ਚਾਹੀਦੇ ਹਨ। ਅਮਿਤ ਸ਼ਾਹ ਨੇ ਅੱਗੇ ਕਿਹਾ, "ਮੈਨੂੰ ਲੱਗਦਾ ਹੈ ਕਿ ਸਦਨ ਦਾ ਜ਼ਿਆਦਾ ਸਮਾਂ ਬਿਤਾਉਣ ਤੋਂ ਬਿਨਾਂ, ਜੇ ਮੰਤਰੀ ਕਹਿੰਦੇ ਹਨ ਕਿ ਉਹ ਜੇਪੀਸੀ ਨੂੰ ਸੌਂਪਣ ਲਈ ਤਿਆਰ ਹਨ, ਤਾਂ ਸਾਰੀ ਚਰਚਾ ਜੇਪੀਸੀ ਵਿੱਚ ਹੋਵੇਗੀ ਤੇ ਜੇਪੀਸੀ ਦੀ ਰਿਪੋਰਟ ਦੇ ਆਧਾਰ 'ਤੇ ਫੈਸਲਾ ਲਿਆ ਜਾਵੇਗਾ ਪਰ ਜੇਕੈਬਨਿਟ ਇਸ ਨੂੰ ਪਾਸ ਕਰ ਦਿੰਦੀ ਹੈ ਤਾਂ ਵੀ ਪੂਰੀ ਚਰਚਾ ਹੋਵੇਗੀ। ਅਮਿਤ ਸ਼ਾਹ ਤੋਂ ਬਾਅਦ ਇਸ ਬਿੱਲ 'ਤੇ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਹੈ ਕਿ ਨਿਯਮ 74 ਦੇ ਤਹਿਤ ਉਹ ਇਸ ਬਿੱਲ ਲਈ ਜੇਪੀਸੀ ਦੇ ਗਠਨ ਦਾ ਪ੍ਰਸਤਾਵ ਕਰਨਗੇ। ਕਾਂਗਰਸ ਨੇਤਾ ਜੈਰਾਮ ਰਮੇਸ਼ ਨੇ 1©9 ਨਾਲ ਗੱਲ ਕਰਦੇ ਹੋਏ ਕਿਹਾ, "ਇੱਕ ਰਾਸ਼ਟਰ, ਇੱਕ ਚੋਣ ਬਿੱਲ ਸਿਰਫ ਪਹਿਲਾ ਮੀਲ ਪੱਥਰ ਹੈ, ਅਸਲ ਉਦੇਸ਼ ਇੱਕ ਨਵਾਂ ਸੰਵਿਧਾਨ ਲਿਆਉਣਾ ਹੈ। ਸੰਵਿਧਾਨ ਵਿੱਚ ਸੋਧ ਕਰਨਾ ਇੱਕ ਚੀਜ਼ ਹੈ, ਪਰ ਨਵਾਂ ਸੰਵਿਧਾਨ ਲਿਆਉਣਾ ਇੱਕ ਚੀਜ਼ ਹੈ। RSS ਅਤੇ ਪ੍ਰਧਾਨ ਮੰਤਰੀ ਮੋਦੀ ਦਾ ਅਸਲ ਉਦੇਸ਼ ਇਹ ਹੈ। ਇਸ ਦੌਰਾਨ ਕਾਂਗਰਸ ਨੇਤਾ ਗੌਰਵ ਗੋਗੋਈ ਨੇ ਕਿਹਾ ਕਿ ਇਹ ਸੰਵਿਧਾਨ ਤੇ ਲੋਕਾਂ ਦੇ ਵੋਟ ਦੇ ਅਧਿਕਾਰ 'ਤੇ ਹਮਲਾ ਹੈ। ਕਾਂਗਰਸ ਸੰਸਦ ਮੈਂਬਰ ਮਨੀਸ਼ ਤਿਵਾੜੀ ਅਤੇ ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰ ਧਰਮਿੰਦਰ ਯਾਦਵ ਨੇ ਬਿੱਲ ਦੇ ਵਿਰੋਧ 'ਚ ਭਾਸ਼ਣ ਦਿੱਤੇ। ਇਸ ਦੌਰਾਨ ਸਪਾ ਪ੍ਰਧਾਨ ਅਖਿਲੇਸ਼ ਯਾਦਵ ਨੇ ਵੀ ਬਿੱਲ ਦਾ ਵਿਰੋਧ ਕੀਤਾ ਹੈ। ਉਨ੍ਹਾਂ ਕਿਹਾ ਹੈ ਕਿ ਇਹ ਫੈਸਲਾ ਅਸਲੀ ਲੋਕਤੰਤਰ ਲਈ ਘਾਤਕ ਸਾਬਤ ਹੋਵੇਗਾ।

## ਜਥੇਦਾਰ ਹਰਪ੍ਰੀਤ ਸਿੰਘ ਨੇ ਖਨੌਰੀ ਬਾਰਡਰ ਦੀ ਸਟੇਜ ਤੋਂ ਕੀਤੀ ਜ਼ਬਰਦਸਤ ਤਕਰੀਰ, ਕਿਹਾ-ਜੇ ਪੰਜਾਬੀ ਇੱਕ ਬੜਕ ਮਾਰ ਦੇਵੇ ਤਾਂ ਦਿੱਲੀ ਹਿੱਲ ਜਾਂਦੀ ਪਰ...



**ਚੰਡੀਗੜ੍ਹ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਨੌਰੀ ਸਰਹੱਦ ਉੱਤੇ ਜਗਜੀਤ ਸਿੰਘ ਡੱਲੇਵਾਲ ਦਾ ਹਾਲ ਜਾਣਨ ਲਈ ਪੁੱਜੇ। ਇਸ ਤੋਂ ਬਾਅਦ ਜਥੇਦਾਰ ਹਰਪ੍ਰੀਤ ਸਿੰਘ ਨੇ ਸਟੇਜ ਤੋਂ ਤਕਰੀਰ ਕਰਦਿਆਂ ਕਿਹਾ ਕਿ ਡੱਲੇਵਾਲ 22 ਦਿਨਾਂ ਤੋਂ ਮਰਨ ਵਰਤ ਉੱਤੇ ਹਨ। ਇਹ ਜ਼ਿੱਦ ਨਹੀਂ ਸਗੋਂ ਇਹ ਸਿਰੜ ਹੈ ਪਰ ਅਜਿਹਾ ਸਿਰੜ ਕਿਸੇ ਸਮੇਂ ਦਰਸ਼ਨ ਸਿੰਘ ਫੇਰੂਮਾਨ ਨੇ ਵੀ ਦਿਖਾਇਆ ਸੀ ਪਰ ਉਨ੍ਹਾਂ ਦੀ ਸ਼ਹਾਦਤ ਹੋਈ ਸੀ। ਜਥੇਦਾਰ ਨੇ ਕਿਹਾ ਕਿ ਅਸੀਂ ਕਿਹੋ ਜਿਹੇ ਲੋਕਤੰਤਰਿਕ ਦੇਸ਼ ਵਿੱਚ ਰਹਿ ਰਹੇ ਹਾਂ ਜਿੱਥੇ ਆਪਣੀਆਂ ਮੰਗਾਂ ਦੇ ਲਈ ਆਪਣੀਆਂ ਜ਼ਿੰਦਗੀਆਂ ਦਾਅ ਉੱਤੇ ਲਾਉਣੀਆਂ ਪੈਂਦੀਆਂ ਹਨ। ਇਹ ਖੇਤੀਬਾੜੀ ਪ੍ਰਧਾਨ ਦੇਸ਼ ਹੈ ਜੇ ਖੇਤੀ ਮਰਦੀ ਹੈ ਤਾਂ ਦੇਸ਼ ਵੀ ਜਿਉਂਦਾ ਨਹੀਂ ਰਹੇਗਾ, ਇਹ ਗੱਲ ਲੋਕ ਸਮਝਦੇ ਨੇ ਪਰ ਸਰਕਾਰਾਂ ਇਹ ਗੱਲ ਨਹੀਂ ਸਮਝ ਰਹੀਆਂ। ਜਗਜੀਤ ਸਿੰਘ ਡੱਲੇਵਾਲ ਕਿਸਾਨਾਂ ਦੇ ਸੰਘਰਸ਼ਸ਼ੀਲ ਆਗੂ ਹਨ ਤੇ ਨਾਮ ਬਾਣੀ ਨਾਲ ਜੁੜੇ ਗੁਰਸਿੱਖ ਵੀ ਹਨ। ਅਸੀਂ ਅਰਦਾਸ ਕਰਦੇ ਹਾਂ ਕਿ ਸਿੱਖ ਦਾ ਸਿਦਕ ਕੇਸਾਂ, ਸੁਆਸਾਂ ਸੰਗ ਨਿਭੇ, ਬੜੀ ਹੈਰਾਨੀ ਦੀ ਗੱਲ ਹੈ ਕਿ ਅੱਜ 22 ਦਿਨ ਹੋ ਗਏ ਪਰ ਸਰਕਾਰ ਦੇ ਕੰਨ ਉੱਤੇ ਜੂੰ ਨਹੀਂ ਸਰਕ ਰਹੀ ਜਥੇਦਾਰ ਨੇ ਕਿਹਾ ਕਿ ਪੰਜਾਬ ਵਿੱਚ 13 ਲੋਕ ਸਭਾ ਸਭਾ ਦੇ ਅਤੇ 7 ਰਾਜ ਸਭਾ ਦੇ ਮੈਂਬਰ ਹਨ, ਜੇ ਸਾਰੇ ਇਕੱਠੇ ਹੋ ਕੇ ਬੋਲਣ ਤਾਂ ਸਰਕਾਰ ਇਨ੍ਹਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਹੋਵੇਗੀ। ਜੇ ਪੰਜਾਬ ਇੱਕ ਦਹਾੜ ਮਾਰ ਦੇਵੇ ਤਾਂ ਦਿੱਲੀ ਹਿੱਲ ਜਾਂਦੀ ਹੈ ਜੇ ਸਾਰੇ ਮੈਂਬਰ ਇਕੱਠੇ ਬੋਲ ਪੈਣ ਤਾਂ ਮਸਲਾ ਹੱਲ ਹੋ ਸਕਦਾ ਹੈ। ਉਨ੍ਹਾਂ ਨੂੰ ਬੋਲਣਾ ਚਾਹੀਦਾ ਹੈ। ਇਹ ਕੇਵਲ ਇੱਕ ਜ਼ਿੰਦਗੀ ਮਸਲਾ ਨਹੀਂ ਹੈ ਸਗੋਂ ਇਹ ਕਿਸਾਨਾਂ ਤੇ ਉਨ੍ਹਾਂ ਨੇ ਨਿਰਭਰ ਲੋਕਾਂ ਦੀ ਜ਼ਿੰਦਗੀ ਦਾ ਸਵਾਲ ਹੈ। ਅੱਜ ਤੁਸੀਂ ਖੇਤੀ ਨੂੰ ਮਨਫੀ ਕਰ ਦਿਓ, ਵੱਡੀਆਂ-ਵੱਡੀਆਂ ਫੈਕਟਰੀਆਂ ਦੇਸ਼ ਦੀ GDP ਨੂੰ ਸੰਭਾਲ ਨਹੀਂ ਸਕਣਗੇ। ਜੇ ਖੇਤੀ ਨਾ ਬਚੀ ਤਾਂ ਕੋਈ ਵੀ ਨਹੀਂ ਬਚੇਗਾ। ਜਥੇਦਾਰ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਮੋਰਚੇ ਦਾ ਹਿੱਸਾ ਬਣਨਾ ਚਾਹੀਦਾ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★


**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਗੁਰਬਾਣੀ ਸ਼ਬਦ ਸੰਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ


## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

### ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

# 7ਵੀਂ ਬਰਸੀ ਤੇ ਮਿੱਠੀ ਯਾਦ ਮੌਕੇ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 7ਵੀਂ ਬਰਸੀ ਤੇ ਮਿੱਠੀ ਯਾਦ ਵਿੱਚ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ

**ਸੁਖਮਨੀ ਸਾਹਿਬ ਜੀ ਦੇ ਪਾਠ**

**21 ਦਸੰਬਰ, 2024**

**(ਦਿਨ ਸ਼ਨਿੱਚਰਵਾਰ)**

**ਸਮਾਂ 2 ਤੋਂ 4 ਵਜੇ ਤੱਕ ਬਾਅਦ ਦੁਪਹਿਰ**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਸੱਤਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

**★ ਪ੍ਰੋਗਰਾਮ ★** ਬਾਅਦ ਦੁਪਹਿਰ 2 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਅਰੰਭ ਹੋਣਗੇ। ਗੁਰੂ ਘਰ ਦਾ ਕੀਰਤਨੀ ਜਥਾ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰੇਗਾ। ਉਪਰੰਤ ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ ਆਤਮਿਕ ਸਾਂਤੀ ਲਈ ਅਰਦਾਸ ਕੀਤੀ ਜਾਵੇਗੀ। ਗੁਰੂ ਕਾ ਲੰਗਰ ਅਤੁੱਟ ਵਰਤੇਗਾ

**--- ★ ਗੁਰਦੁਆਰਾ ਸਾਹਿਬ ਦਾ ਪਤਾ ★----**

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

**-- ★ ਸਤਿਗੁਰੂ ਦੇ ਭਾਣੇ ਵਿੱਚ ★--**

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV


ਨਗਰ ਜਨਸੂਆ ਅਤੇ ਹਲਕਾ ਨਿਵਾਸੀ ਸਾਧ ਸੰਗਤ ਵਲੋਂ
ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ
ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ
ਮਹਾਨ ਗੁਰਮਤਿ ਸਮਾਗਮ
21-22 ਦਿਸੰਬਰ 2024
ਦਿਨ ਸ਼ਨੀਵਾਰ ਅਤੇ ਐਤਵਾਰ
ਨਗਰ ਜਨਸੂਆ
ਜਿਲਾ ਅੰਬਾਲਾ
ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤਕ
ਸਿੰਘ ਸਾਹਿਬ ਗਿ. ਰਘਬੀਰ ਸਿੰਘ ਜੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਕਮੇਟੀ HSGMC
ਸਿੰਘ ਸਾਹਿਬ ਗਿ. ਕਨਜੀਤ ਸਿੰਘ ਜੀ
ਗਿ. ਪ੍ਰੇਮ ਸਿੰਘ ਜੀ
ਭਾਈ ਦਵਿੰਦਰ ਸਿੰਘ ਜੀ
ਪਰਮਪ੍ਰੀਤ ਸਿੰਘ ਜੀ
ਭਾਈ ਨਖਵਿੰਦਰ ਸਿੰਘ ਜੀ
ਗਿ. ਸੁਖਜਿੰਦਰ ਸਿੰਘ ਨੂਰ
ਭਾਈ ਜਤਿੰਦਰ ਸਿੰਘ ਨੂਰਪੁਰੀ
ਭਾਈ ਮਨਪ੍ਰੀਤ ਸਿੰਘ ਜੀ
ਭਾਈ ਗੁਰਮੇਲ ਸਿੰਘ ਜੀ


ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ,
ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੌਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੂਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ-ਖੋ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਰੱਸੀ ਟੱਪਣਾ
(ਕੇਵਲ ਲੜਕੀਆ, 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ ਪਹਿਲੇ 10 ਸ਼ਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ ਪਹਿਲੇ 25 ਸ਼ਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ 57 ਸ਼ਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਅਵਾਰਡ ਚੰਗੇਰੇ ਮਾਪੇ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਮਾਤਾ ਪਿਤਾ ਦਾ ਅੰਮ੍ਰਿਤਧਾਰੀ ਹੋਣਾ ਜਰੂਰੀ ਹੈ ਮਾਤਾ ਪਿਤਾ ਨੇ 10 ਮਿੰਟ ਦੇ ਅੰਦਰ ਅਪਣੇ ਬੱਚੇ ਨੂੰ ਸੋਹਣੇ ਸਿੱਖੀ ਸਰੂਪ ਵਿਚ ਤਿਆਰ ਕਰਨਾ ਹੈ। ਬੱਚੇ ਦੀ ਉਮਰ 5 ਤੋਂ 7 ਸਾਲ ਤਕ ਦੀ ਹੋਵੇ ਜੀ। ਬੱਚਿਆਂ ਨੂੰ ਪਟਕਾ, ਦਸਤਾਰ, ਦੁਮਾਲਾ, ਦੁਪੱਟਾ ਆਦਿ ਵਿਚ ਤਿਆਰ ਕਰਨ ਦੀ ਖੁੱਲ ਹੋਵੇਗੀ।
ਗਤਕਾ ਪ੍ਰਦਰਸ਼ਨ
(ਵਿਅਕਤੀਗਤ : ਫਾਇਟ ਫਰੀ-ਸੋਟੀ, ਡਬਲ ਕਿਰਪਾਨ ਅਤੇ ਚੱਕਰ)
ਅੰਬਾਲਾ ਗਤਕਾ ਅਕੈਡਮੀ
ਵਲੋਂ ਸ਼ਸਤ੍ਰ ਵਿਦਿਆ ਦਾ ਸਾਂਝਾ ਪ੍ਰਦਸ਼ਨ ਕਿਤਾ ਜਾਵੇਗਾ ਜੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਇਸ ਮੁਕਾਬਲੇ ਵਿੱਚ 8 ਸਾਲ ਤੱਕ ਦੇ ਬੱਚੇ ਅਤੇ ਬੱਚੀਆਂ ਨੇ ਸਿੱਖੀ ਸਰੂਪ ਵਿੱਚ ਤਿਆਰ ਬਰ ਤਿਆਰ ਹੋਕੇ ਆਉਣਾ ਹੈ ਅਤੇ ਸਟੇਜ ਤੇ 1 ਮਿੰਟ ਲਈ ਬੋਲਣ ਦਾ ਸਮਾਂ ਦਿੱਤਾ ਜਾਵੇਗਾ ਜੀ
ਕਵੀਜ਼ ਮੁਕਾਬਲਾ
ਵਿਸ਼ਾ : ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੇ ਜੀਵਨ ਸਬੰਧਿਤ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ
ਅੰਬਾਲਾ ਸ਼ਹਿਰ 0171-2446949
ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਸ੍ਰ. ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ HSGMC
ਸ੍ਰ. ਤਰਵਿੰਦਰਪਾਲ ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ HSGMC
ਸ. ਹਰਪਾਲ ਸਿੰਘ ਕੰਬੋਜ
ਮੈਂਬਰ, HSGMC
ਸ. ਇੰਦਰਜੀਤ ਸਿੰਘ
ਮੈਂਬਰ, HSGMC
ਸ. ਰਜਿੰਦਰ ਸਿੰਘ
ਮੈਂਬਰ, HSGMC
ਕੈਪਟਨ ਦਿਲਬਾਗ ਸਿੰਘ
ਮੈਂਬਰ, HSGMC
ਜ. ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਕਮੇਟੀ, HSGMC


ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦਾ ਸ਼ਹੀਦੀ ਸਮਾਗਮ
ਅਤੇ ਦਮਦਮੀ ਟਕਸਾਲ ਦੇ ਕਾਰਜਕਾਰੀ ਮੁਖੀ ਸਚਖੰਡਵਾਸੀ
ਸੰਤ ਬਾਬਾ ਠਾਕੁਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ੨੦ਵੀਂ ਸਾਲਾਨਾ ਬਰਸੀ
4 ਰੋਜ਼ਾ ਮਹਾਨ ਗੁਰਮਤਿ ਸਮਾਗਮ
ਸ਼ਨਿਚਰਵਾਰ 21 ਦਸੰਬਰ ਤੋ ਮੰਗਲਵਾਰ 24 ਦਸੰਬਰ 2024
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ
2-8 ਪਾਰਕ ਐਵਨਿਊ, ਸਾਊਥਾਲ, UB1 3AG
ਸ਼ਨਿਚਰਵਾਰ 21 ਦਸੰਬਰ ਰੈਣ ਸਬਾਈ ਕੀਰਤਨ 8:00PM - 5:00AM | ਐਤਵਾਰ 22 ਦਸੰਬਰ ਅੰਮ੍ਰਿਤ ਸੰਚਾਰ 11:00AM | ਐਤਵਾਰ 22 ਦਸੰਬਰ ਅਰੰਭ ਸ੍ਰੀ ਅਖੰਡ ਪਾਠ ਸਾਹਿਬ 4:00PM
ਭੋਗ ਸ੍ਰੀ ਅਖੰਡ ਪਾਠ ਸਾਹਿਬ ਅਤੇ ਮਹਾਨ ਗੁਰਮਤਿ ਸਮਾਗਮ
ਮੰਗਲਵਾਰ 24 ਦਸੰਬਰ 2024 - 3:00PM
ਗੁਰੂ ਸਾਹਿਬਾਣ ਦੇ ਸ਼ਸਤ੍ਰ ਅਤੇ ਕਕਾਰਾਂ ਦੇ ਦਰਸ਼ਨ: ਬਾਬਾ ਭਾਈ ਰੂਪ ਚੰਦ ਜੀ ਦਾ ਖਜਾਨਾ
Organised by: UK Sangat, Students of Damdami Taksal and Panthic Jathebandia
Giani Sohan Singh: 07877 017219 Giani Gurjinder Singh: 07400 830403 Bhai Harjit Singh: 07958 644655 Bhai Harjinder Singh: 07956 007161 Bhai Bhervinder Singh: 07985 246484


National Sahibzade Shaheedi Smagam
20th Annual Barsi of Baba Thakur Singh Jee Khalsa Bhindranwale
4 DAY MAHAAN GURMAT SMAGAM
SAT 21ST – TUES 24TH DECEMBER 2024
SRI GURU SINGH SABHA GURDWARA
2-8 PARK AVENUE, SOUTHALL, UB1 3AG
SAT 21ST DEC REHNSBHAI KIRTAN 8PM-5AM | SUN 22ND DEC AMRIT SANCHAAR 11:00AM | SUN 22ND DEC ARAMBH SRI AKHAND PATH SAHIB 4:00PM
BHOG SRI AKHAND PAATH SAHIB & MAHAAN SMAGAM
TUESDAY 24TH DEC 2024 - 3:00PM
Sant Baba Anhad Raj Singh Ji Nanaksar Samrala Wale
Sant Baba Shinder Singh Ji Sabhrawa Wale
Sant Baba Bhagwan Singh Ji Rara Sahib - Begowal
DARSHAN OF GURU SAHIB'S SHASTAR & KAKAARS: THE BHAI ROOP CHAND JI COLLECTION
Giani Navtej Singh Ji Damdami Taksal
Giani Daljit Singh Ji Damdami Taksal
Bhai Jaswinder Singh Ji Damdami Taksal
Dhadi Jatha Bhai Sukhninder Singh Ji Sabhrava
Giani Jaswinder Singh Ji Damdami Taksal
Bhai Ranjit Singh Ji Damdami Taksal
Bhai Maninder Singh Ji Damdami Taksal
Bhai Lehna Singh Ji Damdami Taksal
Bhai Santokh Singh Ji Jalandhar Wale
Bhai Mehtaab Singh Ji Jalandhar Wale
Bhai Avtar Singh Ji Maskeen
Bhai Harcharan Singh Ji Khalsa
Bhai Nirmal Singh Ji Nagpuri
Bhai Davinder Singh Ji Sodhi
Organised by: UK Sangat, Students of Damdami Taksal and Panthic Jathebandia
Giani Sohan Singh: 07877 017219 Giani Gurjinder Singh: 07400 830403 Bhai Harjit Singh: 07958 644655 Bhai Harjinder Singh: 07956 007161 Bhai Bhervinder Singh: 07985 246484


ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥
ਪਰਮ ਸਤਿਕਾਰ ਯੋਗ ਗੁਰੂ ਪਿਆਰੀ ਸਾਧ ਸੰਗਤ ਜੀ, ਸਨਿਮਰ ਬੇਨਤੀ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਨਾਮ ਬਾਣੀ ਦੇ ਰਸੀਏ
ਉੱਚੇ- ਸੁੱਚੇ ਜੀਵਨ ਦੇ ਧਾਰਨੀ, ਤਿਆਗ ਬੈਰਾਗ ਦੀ ਮੂਰਤਿ ਅਤੇ ਮਹਾਨ ਪਰਉਪਕਾਰੀ
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ
ਦੀ 20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰੂ ਅਰਜਨ ਦੇਵ ਗੁਰਦੁਆਰਾ, ਸਟੈਨਹੋਪ ਸਟਰੀਟ, ਡਰਬੀ DE23 6QJ ਵਿਖੇ
ਮਿਤੀ 27 ਦਸੰਬਰ 2024 ਤੋਂ 29 ਦਸੰਬਰ 2024 ਨੂੰ ਮਨਾਈ ਜਾ ਰਹੀ ਹੈ।
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ ਖਾਲਸਾ
ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਕਥਾ ਵਾਚਕ ਅਤੇ ਢਾਡੀ ਜੱਥੇ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।
ਪ੍ਰੋਗਰਾਮਾਂ ਦਾ ਵੇਰਵਾ
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁੱਕਰਵਾਰ ਸਵੇਰੇ 9:30 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਉਪਰੰਤ ਭਾਰੀ ਦੀਵਾਨ ਸੱਜਣਗੇ
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕਰੋ ਜੀ
ਗੁਰੂ ਪੰਥ ਦੇ ਦਾਸ : ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂਹ ਸਾਧ ਸੰਗਤ ਡਰਬੀ
ਵਿਸ਼ੇਸ਼ ਸਹਿਯੋਗ : ਗੁਰੂ ਅਰਜਨ ਦੇਵ ਗੁਰਦੁਆਰਾ ਪ੍ਰਬੰਧਕ ਕਮੇਟੀ (07916253241, 01332-776872)


ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥
ਚਾਰ ਸਾਹਿਬਜਾਦੇ, ਮਾਤਾ ਗੁਜਰੀ ਜੀ ਅਤੇ ਸਮੂਹ ਸ਼ਹੀਦਾਂ ਸਿੰਘਾਂ-ਸਿੰਘਣੀਆਂ ਦੀ ਯਾਦ ਨੂੰ ਸਮਰਪਿਤ
ਸਲਾਨਾ ਮਹਾਨ ਗੁਰਮਤਿ ਸਮਾਗਮ
ਮਿਤੀ 21, 22, 23 ਦਸੰਬਰ 2024
ਦਿਨ ਸ਼ਨੀਵਾਰ, ਐਤਵਾਰ ਅਤੇ ਸੋਮਵਾਰ ਨੂੰ
(ਰੋਜ਼ਾਨਾ ਸ਼ਾਮ 4 ਵਜੇ ਤੋਂ ਰਾਤ 11 ਵਜੇ ਤੱਕ)
ਪਿੰਡ ਰਸੂਲਪੁਰ ਕਲਾਂ, ਅੱਡਾ ਤੱਤੂਆਣਾ (ਜਿਲ੍ਹਾ ਅੰਮ੍ਰਿਤਸਰ) ਵਿਖੇ
ਗਿਆਨੀ ਹਰਪ੍ਰੀਤ ਸਿੰਘ ਜੀ ਵਡਾਲਾ
ਕਥਾਵਾਚਕ ਗੁ: ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ
ਬਾਬਾ ਚਰਨਜੀਤ ਸਿੰਘ ਜੱਸੋਵਾਲ
ਕਥਾਵਾਚਕ
ਭਾਈ ਅਮਰਜੀਤ ਸਿੰਘ ਜੀ
ਗਾਲਿਬ ਖੁਰਦ ਵਾਲੇ
ਭਾਈ ਸਿਮਰਨਜੀਤ ਸਿੰਘ ਜੀ ਪਰਵਾਨਾ
ਕਵੀਸ਼ਰੀ ਜਥਾ
ਭਾਈ ਬਿੰਦਰ ਸਿੰਘ ਜੀ
ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ ਜੀ
ਬੀਬੀ ਬੇਅੰਤ ਕੌਰ ਜੀ ਖਾਲਸਾ
ਢਾਡੀ ਜਥਾ
ਭਾਈ ਸੁਖਦੇਵ ਸਿੰਘ ਜੀ ਡੱਲਾ
ਕਥਾਵਾਚਕ
ਭਾਈ ਗੁਰਸੇਵਕਜੀਤ ਸਿੰਘ ਜੀ ਕਲਾਨੌਰ ਵਾਲੇ
ਢਾਡੀ ਜਥਾ
ਭਾਈ ਕੁਲਵਿੰਦਰ ਸਿੰਘ ਜੀ ਮਾਹਲ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
ਗਿ. ਗੁਰਕੀਰਤ ਸਿੰਘ ਜੀ (ਡਬਲ) M.A
ਸ੍ਰੀ ਤਰਨ ਤਾਰਨ ਸਾਹਿਬ - ਕਵੀਸ਼ਰੀ ਜਥਾ
ਭਾਈ ਅੰਮ੍ਰਿਤਪਾਲ ਸਿੰਘ ਜੀ
ਕੀਰਤਨੀ ਜਥਾ
ਭਾਈ ਇਛਪਾਲ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
LIVE ON
HAPPY
Mannat TV
ਨੋਟ: ਗੁਰਬਾਣੀ ਸੁਣਾਉਣ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਜਾਵੇਗਾ।
ਸਰਬੱਤ ਸੰਗਤ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਹਾਜ਼ਰੀਆਂ ਭਰੋ ਅਤੇ ਗੁਰੂ ਘਰ ਦੀਆਂ ਖੁਸ਼ੀਆ ਪ੍ਰਾਪਤ ਕਰੋ ਜੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਵੱਲੋਂ: ਗੁਰਦੁਆਰਾ ਬਾਬਾ ਗੁਰਬਖਸ਼ ਸਾਹਿਬ ਜੀ, ਪਿੰਡ ਰਸੂਲਪੁਰ ਕਲਾਂ ਇਲਾਕਾ ਨਿਵਾਸੀ ਅਤੇ ਸਮੂਹ ਸਾਧ ਸੰਗਤ।
ਸੰਪਰਕ ਕਰੋ: 94640-25066, 98763-16195, 98145-51701
Amar Art STUDIO
Mehta Chowk, Asr.
98152 70253
98152 89353

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ ’ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ

## 21 ਦਸੰਬਰ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ ’ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ●●

## 22 ਦਸੰਬਰ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ●●

## 23 ਦਸੰਬਰ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ●●

## 24 ਦਸੰਬਰ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ●●

## 25 ਦਸੰਬਰ



**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ●●

## 26-27 ਦਸੰਬਰ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ ‘ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।’ ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ●●

## 28 ਦਸੰਬਰ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ●●

## 29 ਦਸੰਬਰ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ ’ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ●●

ਆਵਾਜ਼ਿ ਕੌਮ
AWAZE QAUM
International Newspaper & WEB TV




**ਵੱਖ-ਵੱਖ ਆਗੂਆਂ ਨੇ ਕੀਤਾ ਦੁੱਖ ਪ੍ਰਗਟ**

# ਉਪ ਚੇਅਰਮੈਨ ਪਰਮਿੰਦਰ ਸਿੰਘ ਬਸਰਾ ਨੂੰ ਸਦਮਾ, ਮਾਤਾ ਦਾ ਦੇਹਾਂਤ







**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 17 ਦਸੰਬਰ ਕੁਲਜੀਤ ਸਿੰਘ ਖੋਖਰ** -ਕਾਦੀਆਂ ਹਲਕੇ ਅਧੀਨ ਪੈਂਦੇ ਪਿੰਡ ਤੁਗਲਵਾਲਾ ਤੋਂ ਲੈਂਡਮਾਰਗੇਜ ਬੈਂਕ ਦੇ ਉਪ ਚੇਅਰਮੈਨ ਪਰਮਿੰਦਰ ਸਿੰਘ ਬਸਰਾ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੀ ਮਾਤਾ ਹਰਭਜਨ ਕੌਰ (80)ਸਵ: ਪ੍ਰੋਫੈਸਰ ਦਰਸ਼ਨ ਸਿੰਘ ਬਸਰਾ ਅਚਾਨਕ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ਇਸ ਦੌਰਾਨ ਮਾਤਾ ਹਰਭਜਨ ਕੌਰ ਦਾ ਅੰਤਿਮ ਸੰਸਕਾਰ ਪਿੰਡ ਤੁਗਲਵਾਲਾ ਦੇ ਸ਼ਮਸ਼ਾਨ ਘਾਟ ਵਿੱਚ ਪੂਰੇ ਧਾਰਮਿਕ ਰੀਤੀ ਰਵਾਜਾਂ ਅਨੁਸਾਰ ਕਰ ਦਿੱਤਾ ਗਿਆ। ਅਤੇ ਉਨਾਂ ਦੀ ਅੰਤਿਮ ਸੰਸਕਾਰ ਸਮੇਂ ਉਹਨਾਂ ਨੂੰ ਉਹਨਾਂ ਦੇ ਸਪੁੱਤਰ ਪਰਮਿੰਦਰ ਸਿੰਘ ਬਸਰਾ ਦੇ ਵੱਲੋਂ ਅਗਨੀ ਦਿੱਤੀ ਗਈ। ਬੀਬੀ ਹਰਭਜਨ ਕੌਰ ਜੋ ਕਿ ਮੁੱਖ ਅਧਿਆਪਕਾਂ ਦੇ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਨਾਲ ਹੀ ਉਹ ਬਲਾਕ ਸੰਮਤੀ ਮੈਂਬਰ ਦੇ ਤੌਰ ਤੇ ਵੀ ਸੇਵਾਵਾਂ ਨਿਭਾ ਰਹੇ ਸਨ। ਅਤੇ ਬੀਬੀ ਹਰਭਜਨ ਕੌਰ ਨੇਕ ਦਿਲ ਮਿਲਣਸਾਰ ਸੁਭਾਅ ਦੇ ਇਨਸਾਨ ਸਨ ਜਿਨ੍ਹਾਂ ਨੇ ਆਪਣੇ ਪਰਿਵਾਰ ਨੂੰ ਹਮੇਸ਼ਾ ਹੀ ਲੋੜਵੰਦ ਪਰਿਵਾਰਾਂ ਦੀ ਮਦਦ ਕਰਨਾ ਅਤੇ ਪਿੰਡ ਵਾਸੀਆਂ ਦਾ ਹਮੇਸ਼ਾ ਹੀ ਮਾਨ ਸਤਿਕਾਰ ਕਰਨਾ ਅਤੇ ਪਰਿਵਾਰ ਨੂੰ ਧਾਰਮਿਕ ਵਿਰਸੇ ਨਾਲ ਜੋੜਨਾ ਅਜਿਹੇ ਸਮਾਜ ਭਲਾਈ ਦੇ ਕੰਮਾਂ ਦੇ ਨਾਲ ਨਾਲ ਸਮਾਜ ਵਿੱਚ ਇੱਕ ਚੰਗੇ ਨਾਗਰਿਕ ਬਣਨ ਵੱਜੋਂ ਅਤੇ ਆਪਣੇ ਨਾਮ ਨੂੰ ਪੂਰੇ ਇਲਾਕੇ ਅਤੇ ਪੰਜਾਬ ਦੇ ਵਿੱਚ ਰੋਸ਼ਨ ਕਰਨ ਦੇ ਤਹਿਤ ਪਰਿਵਾਰ ਨੂੰ ਸਿੱਖਿਆ ਦਿੰਦੇ ਸਨ । ਦੱਸ ਦਈਏ ਕਿ ਬੀਬੀ ਹਰਭਜਨ ਕੌਰ ਦੇ ਪਤੀ ਸਵ ਪ੍ਰੋਫੈਸਰ ਦਰਸ਼ਨ ਸਿੰਘ ਬਸਰਾ ਵੀ ਅੱਜ ਤੋਂ ਕਰੀਬ ਦੋ ਸਾਲ ਪਹਿਲਾਂ ਹੀ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਉਨਾਂ ਦਾ ਸੁਭਾਅ ਵੀ ਇੱਕ ਬਹੁਤ ਹੀ ਮਿਲਣ ਸਾਰ ਸੁਭਾਅ ਸੀ। ਜਿਨਾਂ ਨੇ ਹਮੇਸ਼ਾ ਹੀ ਪਿੰਡ ਦੇ ਲੋਕਾਂ ਦੀ ਸੇਵਾ ਕੀਤੀ ਅਤੇ ਆਪਣੇ ਪਰਿਵਾਰ ਨੂੰ ਆਪਸੀ ਭਾਈਚਾਰੇ ਦੇ ਨਾਲ ਜੋੜ ਕੇ ਰੱਖਿਆ । ਇਸ ਮੌਕੇ ਉਪ ਚੇਅਰਮੈਨ ਪਰਮਿੰਦਰ ਸਿੰਘ ਬਸਰਾ ਦੇ ਨਾਲ ਇਲਾਕੇ ਦੇ ਵੱਖ-ਵੱਖ ਰਾਜਨੀਤਿਕ ਆਗੂਆਂ ਸਮੇਤ ਧਾਰਮਿਕ ਜਥੇਬੰਦੀਆਂ ਅਤੇ ਕਿਸਾਨ ਜਥੇਬੰਦੀਆਂ ਸਮਾਜ ਸੇਵੀਆਂ ਅਤੇ ਪਿੰਡ ਦੇ ਲੋਕਾਂ ਸਮੇਤ ਉਨਾਂ ਦੇ ਸੱਜਣਾਂ ਮਿੱਤਰਾਂ ਅਤੇ ਰਿਸ਼ਤੇਦਾਰਾਂ ਸਾਖ ਸਬੰਧੀਆਂ ਅਤੇ ਪਿੰਡ ਦੇ ਸਰਪੰਚ ਸਮੇਤ ਸਾਬਕਾ ਸਰਪੰਚ ਮੈਂਬਰ ਪੰਚਾਇਤ ਸਾਬਕਾ ਮੈਂਬਰਾ ਦੇ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ । ਇੱਥੇ ਦੱਸਣ ਯੋਗ ਹੈ ਕਿ ਬੀਬੀ ਹਰਭਜਨ ਕੌਰ ਦੀ ਅੰਤਿਮ ਅਰਦਾਸ ਜੋ ਕਿ 24 ਦਸੰਬਰ ਨੂੰ ਉਹਨਾਂ ਦੇ ਗ੍ਰਹਿ ਵਿਖੇ ਪਿੰਡ ਤੁਗਲਵਾਲਾ ਵਿਖੇ ਹੋਵੇਗੀ।

ਆਵਾਜ਼ਿ ਕੌਮ
AWAZE QAUM
International Newspaper & WEB TV

# ਸਰਬੱਤ ਖਾਲਸੇ ਚ 10 ਲੱਖ ਸੰਗਤਾਂ ਵੱਲੋਂ ਚੁਣੇ ਜਥੇਦਾਰ ਹਰਿਆਣਾ ਕਮੇਟੀ ਚਲਾਉਣਗੇ ਇਹ ਕੌਮ ਲਈ ਮਾਣ ਵਾਲੀ ਗੱਲ-ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ

## ਸ਼੍ਰੋਮਣੀ ਅਕਾਲੀ ਦਲ ਆਜ਼ਾਦ ਹਰਿਆਣਾ ਦੇ ਸਿੱਖਾ ਦੀ ਅਸਲ ਤਰਜਮਾਨੀ ਕਰਦੀ ਪੰਥਕ ਪਾਰਟੀ



**ਚੰਡੀਗੜ੍ਹ, 17 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਥ ਪ੍ਰਸਿੱਧ ਇੰਟਰਨੈਸ਼ਨਲ ਢਾਡੀ ਜਸਵੀਰ ਸਿੰਘ ਮਾਨ (ਉਰਫ ਮਾਨ ਸਿੰਘ ਅਕਾਲੀ) 96 ਕਰੋੜੀ ਪੰਥ ਬੁੱਢਾ ਦਲ ਜੀ ਨੇ ਪ੍ਰੈਸ ਨੋਟ ਜਾਰੀ ਕਰਦੇ ਹੋਏ ਕਿਹਾ ਕਿ ਹਰਿਆਣਾ ਸਿੱਖ ਸੰਗਤ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਹਰਿਆਣਾ ਦਾ ਪ੍ਰਧਾਨ ਚੁਣੇ ਜਾਣ ਤੇ ਸਭ ਤੋਂ ਪਹਿਲਾਂ ਤਾਂ ਮੈਂ ਜਥੇਦਾਰ ਜੀ ਨੂੰ ਵਧਾਈ ਦੇਣਾ ਚਾਹੁੰਦਾ ਹਾਂ ।ਮਾਨ ਸਿੰਘ ਅਕਾਲੀ ਜੀ ਨੇ ਅੱਗੇ ਪ੍ਰੈਸ ਨੋਟ ਦੇ ਵਿੱਚ ਕਿਹਾ ਕਿ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪੰਥ ਦੀ ਉਹ ਮਹਾਨ ਸ਼ਖਸੀਅਤ ਹਨ ਜਿਨਾਂ ਨੂੰ 2015 ਦੇ ਵਿੱਚ ਸਰਬੱਤ ਖਾਲਸੇ ਦੌਰਾਨ 10 ਲੱਖ ਤੋਂ ਵੱਧ ਸਮੂਹ ਸਿੱਖ ਸੰਗਤ ਵੱਲੋਂ ਸਿੱਖ ਕੌਮ ਦਾ ਜਥੇਦਾਰ ਚੁਣਿਆ ਗਿਆ ਸੀ ।ਇਹ ਸਮੂਹ ਸਿੱਖ ਕੌਮ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਐਸੀ ਮਹਾਨ ਸ਼ਖਸ਼ੀਅਤ ਹਰਿਆਣਾ ਸ਼੍ਰੋਮਣੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਦਾ ਪ੍ਰਬੰਧ ਚਲਾ ਰਹੇ ਹਨ ।ਆਉਣ ਵਾਲੀਆਂ ਗੁਰਦੁਆਰਾ ਚੋਣਾਂ ਦੇ ਵਿੱਚ ਚੋਣਾਂ ਲੜਨ ਲਈ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਜੋ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਪੰਥਕ ਪਾਰਟੀ ਖੜੀ ਕੀਤੀ ਹੈ ਉਹ ਸਿੱਖ ਭਾਵਨਾਵਾਂ ਦੇ ਅਨੁਕੂਲ ਬਣੀ ਹੋਈ ਪੰਥਕ ਪਾਰਟੀ ਹੈ ।ਇਹ ਵੀ ਸਿੱਖ ਕੌਮ ਲਈ ਬੜੀ ਮਾਣ ਵਾਲੀ ਗੱਲ ਹੋਵੇਗੀ ਕਿ ਜਦੋਂ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਖ ਵੱਖ ਥਾਵਾਂ ਤੋਂ ਆਪਣੀ ਨੁਮਾਇੰਦੇ ਖੜੇ ਕਰਨਗੇ ਤਾਂ ਇਸ ਵਿੱਚ ਕੋਈ ਦੋ ਰਾਏ ਨਹੀਂ ਹੋਵੇਗੀ ਕਿ ਨੁਮਾਇੰਦੇ ਵੀ ਸਿੱਖ ਭਾਵਨਾਵਾਂ ਤਰਜਵਾਨੀ ਕਰਨ ਵਾਲੇ ਹੀ ਹੋਣਗੇ ।ਹਰਿਆਣਾ ਦੀ ਸਿੱਖ ਸੰਗਤ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਹਰਿਆਣਾ ਸ਼੍ਰੋਮਣੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਦਾ ਪ੍ਰਬੰਧ ਦੇ ਕੇ ਸਿੱਖ ਕੌਮ ਦੇ ਪ੍ਰਚਾਰ ਪ੍ਰਸਾਰ ਦੀ ਮੁਹਿਮ ਨੂੰ ਉੱਪਰ ਚੁੱਕਣਾ ਚਾਹੁੰਦੀ ਹੈ । ਜਿਸ ਤਰੀਕੇ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਹਰਿਆਣਾ ਸਿੱਖ ਪ੍ਰਚਾਰ ਮੁਹਿਮ ਹਰਿਆਣਾ ਦੇ ਉਹਨਾਂ ਗੁਰਦੁਆਰਾ ਸਾਹਿਬਾਨਾਂ ਤੱਕ ਪਹੁੰਚਾਈ ਜਿਨਾਂ ਦੇ ਇਤਿਹਾਸ ਬਾਰੇ ਜਾਂ ਜਿਨਾਂ ਗੁਰੂਧਾਮਾ ਬਾਰੇ ਬਹੁਤਾਤ ਸਿੱਖ ਸੰਗਤਾਂ ਨੂੰ ਜਿਆਦਾ ਜਾਣਕਾਰੀ ਨਹੀਂ ਸੀ ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ
AWAZE QAUM
International Newspaper & WEB TV

### ਸ਼ਹੀਦ ਬਾਬਾ ਹਰਦਿਆਲ ਸਿੰਘ ਕਾਰ ਸੇਵਾ ਤੇ

# ਸ਼ਹੀਦ ਬੀਬੀ ਬਲਜੀਤ ਕੌਰ ਸਰਹਾਲੀ ਦੀ 32 ਵੀਂ ਬਰਸੀ 'ਤੇ ਸ਼ਹੀਦੀ ਸਮਾਗਮ



**ਨਵੀਂ ਦਿੱਲੀ, 17 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸਾਹਿਬਜਾਂਦਿਆਂ ਦੇ ਸ਼ਹੀਦੀ ਦਿਹਾੜੇ ਵੀ ਚੱਲ ਰਹੇ ਹਨ ਤੇ ਮਹਾਰਾਜ ਸੱਚੇ ਪਾਤਸ਼ਾਹ ਬਖ਼ਿਸਸ ਕਰਨ ਕਿ ਅਸੀਂ ਧਰਮ ਲਈ ਧਰਮ ਯੁੱਧ ਵਿੱਚ ਸ਼ਹਾਦਤਾਂ ਦੇਣ ਵਾਲੇ ਸ਼ਹੀਦਾਂ ਦੇ ਦਰਸਾਏ ਰਾਹ 'ਤੇ ਚੱਲੀਏ। ਇਹ ਸ਼ਬਦ ਪੰਥਕ ਜਥਾ ਮਾਝਾ ਦੇ ਪੰਥਕ ਆਗੂ ਭਾਈ ਮਨਧੀਰ ਸਿੰਘ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਵਾਲਿਆਂ ਵੱਲੋਂ ਖਾਲਸਾ ਰਾਜ ਦੀ ਪ੍ਰਾਪਤੀ ਲਈ ਅਰੰਭੇ ਹਥਿਆਰਬੰਦ ਸੰਘਰਸ਼ ਦੌਰਾਨ ਸ਼ਹੀਦ ਬਾਬਾ ਹਰਦਿਆਲ ਸਿੰਘ ਸਰਹਾਲੀ ਕਾਰ ਸੇਵਾ ਵਾਲੇ ਤੇ ਉਹਨਾਂ ਦੀ ਪੁੱਤਰੀ ਸ਼ਹੀਦ ਬੀਬੀ ਬਲਜੀਤ ਕੌਰ ਸਰਹਾਲੀ ਦੀ 32 ਵੀਂ ਬਰਸੀ 'ਤੇ ਗੁਰੂਸਰ ਮਹਿਰਾਜ ਕਰਵਾਏ ਸਮਾਗਮ ਨੂੰ ਸੰਬੋਧਨ ਕਰਦਿਆ ਕਹੇ। ਇਸ ਮੌਕੇ ਉਹਨਾਂ ਸ਼੍ਰੋਮਣੀ ਅਕਾਲੀ ਦਲ ਦੇ ਜਨਮ 1920 ਤੋਂ ਹੁਣ ਤੱਕ ਦੇ ਇਤਿਹਾਸ ਦੇ ਪਰਿਪੇਖ 'ਚੋਂ ਚੜ੍ਹਦੀ ਕਲਾਂ ਤੋਂ ਗਿਰਾਵਟ ਦੇ ਵੱਖ ਵੱਖ ਪੜ੍ਹਾਵਾਂ ਦੀ ਵਿਆਖਿਆ ਵੀ ਕੀਤੀ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ ਤੇ ਕੀਰਤਨੀ ਸਿੰਘਾਂ ਨੇ ਰਸ ਭਿੰਨਾ ਕੀਰਤਨ ਕੀਤਾ।

### ਕੁਰਬਾਨ ਕੀਤੇ ਸਿਰਾਂ 'ਤੇ ਹੀ ਕੌਮ ਦੇ ਭਵਿੱਖ ਦੀ ਨੀਂਹ ਦੀ ਹੁੰਦੀ ਹੈ ਉਸਾਰੀ-ਬਾਬਾ ਮਹਿਰਾਜ

ਸਮਾਗਮ ਨੂੰ ਸੰਬੋਧਨ ਕਰਦਿਆ ਪੰਥ ਸੇਵਕ ਜਥਾ ਦੇ ਭਾਈ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ ਕੌਮ ਦੀ ਹੋਂਦ ਤੇ ਆਜ਼ਾਦੀ ਲਈ ਕੀਤੀਆਂ ਕੁਰਬਾਨੀਆਂ ਦੇ ਬੁਨਿਆਦੀ ਪੈਮਾਨੇ 'ਕਿ ਅਸੀਂ ਕੀ ਖੱਟਿਆ' ਨਾਲ ਗਿਣਤੀ ਮਿਣਤੀ ਨਹੀਂ ਹੁੰਦੀ, ਕਿਉਂਕਿ ਕੁਰਬਾਨ ਕੀਤੇ ਸਿਰਾਂ 'ਤੇ ਹੀ ਕੌਮ ਦੇ ਭਵਿੱਖ ਦੀ ਨੀਂਹ ਦੀ ਉਸਾਰੀ ਹੁੰਦੀ ਹੈ। ਪੰਥਕ ਲੇਖਕ ਭਾਈ ਜਸਕਰਨ ਸਿੰਘ ਸਿਵੀਆਂ ਨੇ ਸਿੱਖ ਸੰਗਤ ਨੂੰ ਇਹੋ ਜਿਹੇ ਸ਼ਹੀਦੀ ਸਮਾਗਮ ਕਰਵਾਉਣ ਦਾ ਹੋਕਾ ਦਿੰਦਿਆ ਕਿਹਾ ਕਿ ਕੌਮ ਦੀ ਹੋਂਦ ਜਾਂ ਤਾਂ ਉਸ ਦੇ ਰਾਜ ਦੇ ਆਸਰੇ ਤੇ ਜਾਂ ਫਿਰ ਦਿੱਤੀਆਂ ਕੁਬਾਨੀਆਂ ਕਰਕੇ ਰਹਿੰਦੀ ਹੈ। ਇਸ ਮੌਕੇ ਇਲਾਕੇ ਦੇ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਸ਼ਹੀਦ ਭਾਈ ਮਨਜੀਤ ਸਿੰਘ ਤੇ ਸ਼ਹੀਦ ਭਾਈ ਤਜਿੰਦਰ ਸਿੰਘ ਗੋਰਾ ਦੇ ਭਰਾ ਭਾਈ ਸੁਰਿੰਦਰ ਸਿੰਘ ਨਥਾਣਾ, ਸ਼ਹੀਦ ਭਾਈ ਨੌਨਿਹਾਲ ਸਿੰਘ ਨਗੌਰੀ ਫੂਲ ਦੇ ਭਤੀਜੇ ਭੋਲਾ ਸਿੰਘ, ਸ਼ਹੀਦ ਭਾਈ ਗੁਰਮੀਤ ਸਿੰਘ ਚੱਕ ਰਾਮ ਸਿੰਘ ਵਾਲਾ ਦਾ ਭਰਾ ਟਹਿਲ ਸਿੰਘ, ਸ਼ਹੀਦ ਭਾਈ ਨਾਇਬ ਸਿੰਘ ਗਿੱਲ ਖੁਰਦ ਦੇ ਭਰਾ ਸੁਖਮੰਦਰ ਸਿੰਘ, ਸ਼ਹੀਦ ਭਾਈ ਗੁਰਮੇਲ ਸਿੰਘ ਦੇ ਭਰਾ ਹਰਨੇਕ ਸਿੰਘ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਹੋਰ ਬੁਲਾਰਿਆਂ 'ਚ ਸਟੇਜ ਸੈਕਟਰੀ ਭਾਈ ਰਾਮ ਸਿੰਘ ਢਿਪਾਲੀ, ਕਾਰ ਸੇਵਾ ਸੰਪਰਦਾ ਵੱਲੋਂ ਭਾਈ ਸਬਦਲ ਸਿੰਘ ਸਰਹਾਲੀ, ਅਕਾਲੀ ਦਲ ਫਤਿਹ ਦਾ ਧਾਰਮਿਕ ਵਿੰਗ ਦੇ ਚੈਅਰਮੇਨ ਬਾਬਾ ਸਤਨਾਮ ਸਿੰਘ ਦਿਆਲਪੁਰਾ ਮਿਰਜਾ, ਭਾਈ ਗੁਰਦੀਪ ਸਿੰਘ ਕਾਲਾ ਝਾੜ, ਭਾਰਤੀ ਕਿਸਾਨ ਯੂਨੀਅਨ ਫਤਹਿ ਦਾ ਸੂਬਾ ਪ੍ਰਧਾਨ ਪ੍ਰਭਜੋਤ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ। ਸੇਵਕ ਜਥਾ ਫੂਲ ਵੱਲੋਂ ਲੰਗਰ ਦੀ ਸੇਵਾ ਨਿਭਾਈ। ਇਸ ਮੌਕੇ ਲੱਖੀ ਜੰਗਲ ਜਥਾ ਵੱਲੋਂ ਭਾਈ ਸਵਰਨ ਸਿੰਘ ਕੋਟਧਰਮੂ ਜਥੇ ਸਮੇਤ, 'ਕੌਰਨਾਮਾ' ਦੇ ਲੇਖਕ ਬਲਜਿੰਦਰ ਸਿੰਘ ਕੋਟਭਾਰਾ, ਦਲ ਖ਼ਾਲਸਾ ਦੇ ਭਾਈ ਗੁਰਵਿੰਦਰ ਸਿੰਘ ਬੱਬਰ, ਪੰਥ ਸੇਵਕ ਜੱਥਾ ਵੱਲੋਂ ਭਾਈ ਗੁਰਜੀਤ ਸਿੰਘ ਦੁੱਗ ਸਮੇਤ ਜੱਥਾ, ਬਾਬਾ ਬੁੱਢਾ ਜੀ ਗਰੰਥੀ ਸਭਾ ਦੇ ਚੈਅਰਮੇਨ ਭਾਈ ਭਗਵਾਨ ਸਿੰਘ ਸੰਧੂਖੁਰਦ, ਢਾਡੀ ਮੋਹਤ ਸਿੰਘ ਕਲਿਆਣ, ਗਾਇਕ ਰਾਜਾ ਬੁੱਟਰ, ਲੱਖਾ ਸਿੰਘ ਸਿਧਾਣਾ, ਡਾ. ਬਲਜਿੰਦਰ ਸਿੰਘ ਉਰਫ਼ ਝੱਲੀਆਂ, ਸਰਪੰਚ ਬਲਵਿੰਦਰ ਸਿੰਘ ਲੱਖਾ ਕੋਠੇ ਪਿਪਲੀ, ਸੁਖਪਾਲ ਸਿੰਘ ਸੁੱਖੀ ਸਰਪੰਚ ਤੇ ਹੋਰ ਮੋਹਤਬਰ ਸੱਜਣ ਵੀ ਹਾਜ਼ਰ ਸਨ। ਦੱਸ ਦੇਈਏ ਕਿ ਬਾਬਾ ਹਰਦਿਆਲ ਸਿੰਘ ਸਰਹਾਲੀ ਤੇ ਉਹਨਾਂ ਦੀ ਪੁੱਤਰ ਬੀਬੀ ਬਲਜੀਤ ਕੌਰ ਸਰਹਾਲੀ 29 ਮੱਘਰ, 13 ਦਸੰਬਰ 1992 ਨੂੰ ਪੰਜਾਬ ਪੁਲਿਸ ਨੇ ਡੇਰਾ ਕਾਰ ਸੇਵਾ ਗੁਰੂਸਰ ਮਹਿਰਾਜ ਤੋਂ ਅਗਵਾ ਕਰਕੇ ਖਪਾ ਦਿੱਤੇ ਸਨ।

### ਅਕਾਲੀ ਦਲ ਨੂੰ ਮੁੜ ਸੁਰਜੀਤ ਕਰਨ ਖਾਤਰ

# 1974 ਦਾ ਸੰਵਿਧਾਨ ਬਹਾਲ ਕਰਨਾ ਜ਼ਰੂਰੀ : ਮਿਸਲ ਸਤਲੁਜ ਨੇ ਅਕਾਲ ਤਖ਼ਤ ਨੂੰ ਕੀਤੀ ਅਪੀਲ

**ਚੌਕ ਮਹਿਤਾ, 17 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਸੁਰਜੀਤ ਕਰਨ ਲਈ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਲਏ ਗਏ ਫੈਸਲਿਆਂ ਦੀ ਪ੍ਰੋੜ੍ਹਤਾ ਕਰਦੇ ਹੋਏ ਮਿਸਲ ਸਤਲੁਜ ਵੱਲੋਂ ਇਸ ਖਾਤਰ ਕੁਝ ਸੁਝਾਅ ਭੇਜੇ ਗਏ ਹਨ ਤਾਂ ਕਿ ਅਕਾਲੀ ਦਲ ਨੂੰ ਨਵੇਂ ਸਿਰਿਓਂ ਸਿੱਖਾਂ ਦੀ ਇਖ਼ਲਾਕੀ ਸਿਆਸੀ ਧਿਰ ਬਣਾਇਆ ਜਾ ਸਕੇ। ਮਿਸਲ ਸਤਲੁਜ ਦੇ ਪ੍ਰਧਾਨ ਸ. ਅਜੈਪਾਲ ਸਿੰਘ ਬਰਾੜ ਨੇ ਕਿਹਾ ਕਿ 2005 ਵਿੱਚ ਅਕਾਲੀ ਦਲ ਦੇ ਸੰਵਿਧਾਨ ਵਿੱਚ ਤਰਮੀਮਾਂ ਕਰ ਕੇ ਇਸ ਨੂੰ ਸੈਕੂਲਰ ਪਾਰਟੀ ਬਣਾ ਦਿੱਤਾ ਗਿਆ, ਤੇ ਮੈਂਬਰਸ਼ਿਪ ਲਈ ਸਿੱਖ ਤੇ ਸਿੱਖੀ ਸਿਧਾਤਾਂ ਵਾਲੇ ਹੋਣ ਦੀਆਂ ਮੂਲ ਸ਼ਰਤਾਂ ਹਟਾ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਬਾਦਲ ਪਰਿਵਾਰ ਦਾ ਅਕਾਲੀ ਦਲ ਤੇ ਕਬਜਾ ਹੋਣ ਲਈ ਰਾਹ ਪੱਧਰਾ ਕਰ ਦਿੱਤਾ ਗਿਆ। ਇਹੀ ਨਹੀਂ, ਅਕਾਲੀ ਦਲ ਦੀ ਕੋਰ ਕਮੇਟੀ ਵਿੱਚ ਹੁਣ 51 ਮੈਂਬਰ ਹਨ, ਜਿਨ੍ਹਾਂ ਵਿੱਚੋਂ ਸਿਰਫ਼ 20 ਮੈਂਬਰ ਹੀ ਜਨਰਲ ਇਜਲਾਸ ਵਿੱਚੋਂ ਚੁਣੇ ਜਾਂਦੇ ਹਨ ਅਤੇ 31 ਨੂੰ ਪ੍ਰਧਾਨ ਵੱਲੋਂ ਨਾਮਜ਼ਦ ਕੀਤਾ ਜਾਂਦਾ ਹੈ, ਜਿਸ ਨਾਲ ਪਾਰਟੀ ਦੇ ਅੰਦਰੂਨੀ ਲੋਕਤੰਤਰ ਨੂੰ ਢਾਹ ਲੱਗ ਰਹੀ ਹੈ ਅਤੇ ਅਕਾਲੀ ਦਲ ਇੱਕ ਨਿਜੀ ਕੰਪਨੀ ਬਣ ਕੇ ਰਹਿ ਗਿਆ ਹੈ। ਇੱਥੋਂ ਹੀ ਅਕਾਲੀ ਦਲ ਦਾ ਨੁਕਸਾਨ ਹੋਣਾ ਸ਼ੁਰੂ ਹੋਇਆ। ਮਿਸਲ ਸਤਲੁਜ ਵੱਲੋਂ ਜਥੇਦਾਰ ਸਾਹਿਬ ਨੂੰ ਲਿਖੀ ਚਿੱਠੀ ਵਿੱਚ ਕਿਹਾ ਗਿਆ ਹੈ ਕਿ ਜੇ ਅਕਾਲੀ ਦਲ ਨੂੰ ਸਹੀ ਅਰਥਾਂ ਵਿੱਚ ਮੁੜ ਸਿੱਖਾਂ ਦੀ ਨੁਮਾਇੰਦਗੀ ਕਰਨ ਵਾਲੀ, ਮੀਰੀ-ਪੀਰੀ ਦੇ ਸਿਧਾਂਤ ਮੁਤਾਬਕ ਚੱਲਣ ਵਾਲੀ ਧਿਰ ਬਣਾਉਣਾ ਹੈ ਤਾਂ 1974 ਵਾਲਾ ਸੰਵਿਧਾਨ ਮੁੜ ਲਾਗੂ ਕਰਨਾ ਪਵੇਗਾ। 1974 ਦੇ ਸੰਵਿਧਾਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮੰਤਲਵ ਦੱਸੇ ਗਏ ਸਨ ਜਿਹਨਾਂ ਵਿੱਚ ਗੁਰਮਤਿ ਤੇ ਸਿੱਖ ਰਹਿਤ ਮਰਿਆਦਾ ਦਾ ਪਸਾਰ, ਸਿੰਘਾਂ ਵਿੱਚ ਅੱਡਰੀ ਪੰਥਕ ਹਸਤੀ ਦਾ ਇਤਿਹਾਸ ਕਾਇਮ ਰੱਖਣਾ, ਨਿਆਂਕਾਰੀ ਆਰਥਕ ਨਿਜਾਮ ਕਾਇਮ ਕਰਨਾ, ਗੁਰਮਤਿ ਦੇ ਆਸ਼ੇ ਅਨੁਸਾਰ ਅਨਪੜ੍ਹਤਾ, ਛੂਤ-ਛਾਤ ਤੇ ਜਾਤ-ਪਾਤ ਦੇ ਵਿਤਕਰੇ ਨੂੰ ਖ਼ਤਮ ਕਰਨਾ ਆਦਿ ਸ਼ਾਮਲ ਸਨ। ਪਰ ਅਕਾਲੀ ਦਲ ਇਹਨਾਂ ਮੰਤਵਾਂ ਨੂੰ ਵਿਸਾਰ ਅਸਲੋਂ ਹੀ ਸਿੱਖੀ ਸਿਧਾਂਤਾਂ ਤੋਂ ਦੂਰ ਕਰ ਦਿੱਤਾ ਗਿਆ। ਉਹਨਾਂ ਲਿਖਿਆ, "ਅਕਾਲੀ ਦਲ ਨੂੰ ਪੁਨਰ ਸੁਰਜੀਤ ਤੇ ਪੰਥਕ ਲੀਹਾਂ ਤੇ ਲਿਆਉਣ ਲਈ ਨਵੀਂ ਭਰਤੀ ਦਾ ਉਸ ਵੇਲੇ ਤੱਕ ਕੋਈ ਲਾਭ ਨਹੀਂ ਜਦੋਂ ਤੱਕ ਅਕਾਲੀ ਦਲ ਦੇ ਸੰਵਿਧਾਨ ਵਿੱਚ ਗੈਰ-ਇਖਲਾਕੀ ਅਤੇ ਗੈਰ-ਕਾਨੂੰਨੀ ਸੋਧਾਂ ਨੂੰ ਰੱਦ ਨਾ ਕੀਤਾ ਜਾਵੇ।" ਚਿੱਠੀ ਨਾਲ ਮਿਸਲ ਸਤਲੁਜ ਵੱਲੋਂ ਮਨੋਰਥ ਤੇ ਟੀਚੇ ਦਾ ਦਸਤਾਵੇਜ਼ ਵੀ ਨੱਥੀ ਕੀਤਾ ਗਿਆ ਜਿਹੜੇ ਅੱਜ ਦੇ ਹਾਲਾਤ ਵਿੱਚ ਅਕਾਲੀ ਦਲ ਵੱਲੋਂ ਅਪਨਾਉਣੇ ਬਣਦੇ ਹਨ।



## ਅਨਾਥ ਅਤੇ ਬੇਸਹਾਰਾ ਬੱਚਿਆਂ ਦੀ ਦੇਖ-ਭਾਲ ਕਰ ਰਹੀਆਂ ਗੈਰ-ਸਰਕਾਰੀ ਸੰਸਥਾਵਾਂ ਦੀ ਜੁਵੇਨਾਇਲਜਸਟਿਸ ਐਕਟ 2015 ਦੀ ਧਾਰਾ 41 (1) ਦੇ ਅਧੀਨ ਰਜਿਸਟਰੇਸ਼ਨ ਕਰਵਾਉਣਾ ਲਾਜ਼ਮੀ - ਡਿਪਟੀ ਕਮਿਸ਼ਨਰ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ , 17 ਦਸੰਬਰ (ਕੁਲਜੀਤ ਸਿੰਘ ਖੋਖਰ)**-ਜ਼ਿਲ੍ਹਾ ਗੁਰਦਾਸਪੁਰ ਵਿੱਚ 0 ਤੋਂ 18 ਸਾਲ ਤੱਕ ਦੇ ਜ਼ਰੂਰਤਮੰਦ ਅਤੇ ਬੇਸਹਾਰਾ ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਕਰ ਰਹੀਆਂ ਗੈਰ-ਸਰਕਾਰੀ ਸੰਸਥਾਵਾਂ ਜਿਨ੍ਹਾਂ ਵੱਲੋਂ ਅਜਿਹੇ ਬੱਚਿਆਂ ਨੂੰ ਕਿਸੇ ਵੀ ਬਾਲ ਦੇਖ-ਭਾਲ ਸੰਸਥਾਵਾਂ ਜਾਂ ਬਾਲ ਘਰ ਵਿੱਚ ਰੱਖਿਆ ਜਾ ਰਿਹਾ ਹੈ ਤਾਂ ਅਜਿਹੀਆਂ ਸੰਸਥਾਵਾਂ ਦਾ ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 41(1) ਅਧੀਨ ਰਜਿਸਟਰ ਹੋਣਾ ਲਾਜ਼ਮੀ ਹੈ। ਜੇ ਕਰ ਅਜਿਹੀ ਕੋਈ ਵੀ ਅਣ-ਅਧਿਕਾਰਿਤ ਸੰਸਥਾ ਅਜਿਹੇ ਬੱਚਿਆਂ ਨੂੰ ਰੱਖਦੇ ਪਾਈ ਜਾਂਦੀ ਹੈ ਤਾਂ ਅਜਿਹੀ ਸੰਸਥਾ ਦੇ ਖ਼ਿਲਾਫ਼ ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 42 ਅਨੁਸਾਰ ਕਾਰਵਾਈ ਕੀਤੀ ਜਾਵੇਗੀ, ਜਿਸ ਵਿੱਚ 1 ਸਾਲ ਦੀ ਸਜ਼ਾ ਜਾਂ ਇੱਕ ਲੱਖ ਰੁਪਏ ਜੁਰਮਾਨਾ ਜਾਂ ਦੋਨੋਂ ਹੀ ਹੋਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਜੁਵੇਨਾਇਲ ਜਸਟਿਸ ਐਕਟ 2015 ਅਨੁਸਾਰ ਗੈਰ-ਸਰਕਾਰੀ ਸੰਸਥਾਵਾਂ ਵੱਲੋਂ ਚਲਾਈਆਂ ਜਾ ਰਹੀਆਂ ਸੰਸਥਾਵਾਂ ਜੋ ਬਾਲ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਹਨ ਅਤੇ ਉਨ੍ਹਾਂ ਵੱਲੋਂ ਮੁਕੰਮਲ ਤੌਰ ਤੇ ਜਾਂ ਅੰਸ਼ਿਕ ਰੂਪ ਵਿੱਚ ਸੁਰੱਖਿਆ ਅਤੇ ਸੰਭਾਲ ਲਈ ਲੋੜਵੰਦ ਬੱਚਿਆਂ ਨੂੰ ਮੁਫ਼ਤ ਰਿਹਾਇਸ਼, ਖਾਣਾ, ਪੜ੍ਹਾਈ, ਮੈਡੀਕਲ ਸੁਵਿਧਾ ਆਦਿ ਮੁਹੱਈਆ ਕਰਵਾ ਰਹੀਆਂ ਹਨ ਅਤੇ ਚਾਹੇ ਉਹ ਸਰਕਾਰ ਵੱਲੋਂ ਗਰਾਂਟ ਪ੍ਰਾਪਤ ਕਰਦੇ ਹਨ ਜਾਂ ਨਹੀਂ, ਐਕਟ ਦੀ ਧਾਰਾ ਅਧੀਨ ਆਉਂਦੇ ਹਨ। ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 41 (1) ਅਧੀਨ ਰਜਿਸਟਰ ਹੋਣਾ ਜ਼ਰੂਰੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜਿਹੀਆਂ ਸੰਸਥਾਵਾਂ ਆਪਣੀ ਰਜਿਸਟਰੇਸ਼ਨ ਲਈ ਆਪਣੇ ਦਸਤਾਵੇਜ਼ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬਲਾਕ ਏ, ਕਮਰਾ ਨੰਬਰ-218 ਵਿਖੇ ਮਿਤੀ 20 ਦਸੰਬਰ 2024 ਤੱਕ ਜਮ੍ਹਾ ਕਰਵਾਉਣ। ਉਨ੍ਹਾਂ ਕਿਹਾ ਕਿ ਮਿਤੀ 20 ਦਸੰਬਰ 2024 ਤੋਂ ਬਾਅਦ ਜ਼ਿਲ੍ਹੇ ਵਿੱਚ ਜੇਕਰ ਅਜਿਹੀ ਕੋਈ ਗੈਰ-ਸਰਕਾਰੀ ਸੰਸਥਾ ਪਾਈ ਜਾਂਦੀ ਹੈ ਜੋ ਬੱਚਿਆਂ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ ਅਤੇ ਜੁਵੇਨਾਇਲ ਜਸਟਿਸ ਐਕਟ ਤਹਿਤ ਰਜਿਸਟਰ ਨਹੀਂ ਹੈ ਦੇ ਵਿਰੁੱਧ ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 42 ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਕਤ ਸਮੇਂ ਦੌਰਾਨ 6 ਮਹੀਨੇ ਲਈ ਰਾਜ ਸਰਕਾਰ ਵੱਲੋਂ ਪ੍ਰੋਵਿਜਨਲ ਰਜਿਸਟਰੇਸ਼ਨ ਕੀਤੀ ਜਾਂਦੀ ਹੈ ਅਤੇ ਦਸਤਾਵੇਜ਼ਾਂ ਦੀ ਮੁਕੰਮਲ ਪੜਤਾਲ ਉਪਰੰਤ 5 ਸਾਲ ਲਈ ਪੱਕੇ ਤੌਰ ਤੇ ਰਜਿਸਟਰੇਸ਼ਨ ਕੀਤੀ ਜਾਂਦੀ ਹੈ। ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਜੇਕਰ ਕੋਈ ਅਨਰਜਿਸਟਰਡ ਬਾਲ ਘਰ ਜ਼ਿਲ੍ਹੇ ਵਿੱਚ ਚੱਲ ਰਿਹਾ ਹੈ ਤਾਂ ਉਸ ਦੀ ਤੁਰੰਤ ਸੂਚਨਾ ਕਮਰਾ ਨੰਬਰ 218, ਬਲਾਕ-ਏ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ, ਫ਼ੋਨ ਨੰਬਰ 01874-240157 ਮਿਤੀ 20 ਦਸੰਬਰ 2024 ਤੱਕ ਦਿੱਤੀ ਜਾਵੇ ਅਤੇ ਜਿੰਨਾ ਗੈਰ ਸਰਕਾਰੀ ਸੰਸਥਾ ਦੀ ਰਜਿਸਟਰੇਸ਼ਨ ਨਹੀਂ ਹੋਈ, ਉਹ ਆਪਣੀ ਬੇਨਤੀ ਪੱਤਰ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਗੁਰਦਾਸਪੁਰ ਵਿੱਚ ਮਿਤੀ 20 ਦਸੰਬਰ 2024, ਸ਼ਾਮ 05:00 ਵਜੇ ਤੱਕ ਜਮਾਂ ਕਰਵਾਉਣ।



## ਲੋਕ ਸਭਾ ਵਿੱਚ ਇੱਕ ਰਾਸ਼ਟਰ, ਇੱਕ ਚੋਣ ਬਿੱਲ ਬਹੁਮਤ ਨਾਲ ਹੋਇਆ ਪ੍ਰਵਾਨ

**ਨਵੀਂ ਦਿੱਲੀ, 17 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਕੇਂਦਰੀ ਕਾਨੂੰਨ ਮੰਤਰੀ ਅਰਜੁਨ ਮੇਘਵਾਲ ਨੇ ਮੰਗਲਵਾਰ ਨੂੰ ਲੋਕ ਸਭਾ ਵਿੱਚ ਇੱਕ ਰਾਸ਼ਟਰ, ਇੱਕ ਚੋਣ ਬਿੱਲ ਪੇਸ਼ ਕੀਤਾ। ਇਸ ਬਿੱਲ ਵਿੱਚ ਲੋਕ ਸਭਾ ਅਤੇ ਵਿਧਾਨ ਸਭਾਵਾਂ ਲਈ ਇੱਕੋ ਸਮੇਂ ਚੋਣਾਂ ਕਰਵਾਉਣ ਦੀ ਵਿਵਸਥਾ ਹੈ। ਮੇਘਵਾਲ ਨੇ ਕੇਂਦਰ ਸ਼ਾਸਤ ਪ੍ਰਦੇਸ਼ ਪ੍ਰਸ਼ਾਸਨ ਐਕਟ, 1963, ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਐਕਟ, 1991 ਅਤੇ ਜੰਮੂ ਅਤੇ ਕਸ਼ਮੀਰ ਪੁਨਰਗਠਨ ਐਕਟ, 2019 ਵਿੱਚ ਸੋਧ ਕਰਨ ਲਈ ਇੱਕ ਬਿੱਲ ਵੀ ਪੇਸ਼ ਕੀਤਾ। ਇਸ ਬਿੱਲ ਦਾ ਮਕਸਦ ਦਿੱਲੀ, ਜੰਮੂ-ਕਸ਼ਮੀਰ ਅਤੇ ਪੁਡੂਚੇਰੀ ਦੀਆਂ ਵਿਧਾਨ ਸਭਾ ਚੋਣਾਂ ਨੂੰ ਨਾਲੋ-ਨਾਲ ਚੋਣਾਂ ਕਰਵਾਉਣ ਦੇ ਮਕਸਦ ਨਾਲ ਇਕਸਾਰ ਕਰਨਾ ਹੈ। ਕੇਂਦਰੀ ਮੰਤਰੀ ਮੰਡਲ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਇਸ ਬਿੱਲ ਨੂੰ ਮਨਜ਼ੂਰੀ ਦਿੱਤੀ ਸੀ। ਲੋਕ ਸਭਾ 'ਚ ਵਨ ਨੇਸ਼ਨ, ਵਨ ਇਲੈਕਸ਼ਨ ਬਿੱਲ ਨੂੰ ਮਨਜ਼ੂਰੀ ਦੇਣ ਦੇ ਪੱਖ 'ਚ 269 ਵੋਟਾਂ ਪਈਆਂ, ਜਦਕਿ 198 ਸੰਸਦ ਮੈਂਬਰਾਂ ਨੇ ਇਸ ਦੇ ਖਿਲਾਫ ਵੋਟ ਪਾਈ। ਕਾਂਗਰਸ, ਤ੍ਰਿਣਮੂਲ ਕਾਂਗਰਸ ਅਤੇ ਡੀਐਮਕੇ ਸਮੇਤ ਹੋਰ ਵਿਰੋਧੀ ਪਾਰਟੀਆਂ ਨੇ ਵਨ ਨੇਸ਼ਨ, ਵਨ ਇਲੈਕਸ਼ਨ ਬਿੱਲ ਦਾ ਵਿਰੋਧ ਕੀਤਾ। ਕੇਂਦਰੀ ਮੰਤਰੀ ਮੰਡਲ ਨੇ ਸਤੰਬਰ ਵਿੱਚ ਇੱਕੋ ਸਮੇਂ ਚੋਣਾਂ ਕਰਵਾਉਣ ਸਬੰਧੀ ਉੱਚ ਪੱਧਰੀ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਸਵੀਕਾਰ ਕਰ ਲਿਆ ਸੀ। ਇਸ ਕਮੇਟੀ ਦੀ ਅਗਵਾਈ ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਕਰ ਰਹੇ ਸਨ। ਇਹ ਸਿਫ਼ਾਰਸ਼ਾਂ ਸਾਬਕਾ ਰਾਸ਼ਟਰਪਤੀ ਕੋਵਿੰਦ ਦੀ ਅਗਵਾਈ ਵਾਲੀ ਉੱਚ ਪੱਧਰੀ ਕਮੇਟੀ ਦੀ ਰਿਪੋਰਟ ਵਿੱਚ ਉਠਾਈਆਂ ਗਈਆਂ ਹਨ। ਕਮੇਟੀ ਨੇ ਦੋ ਪੜਾਵਾਂ ਵਿੱਚ ਇੱਕੋ ਸਮੇਂ ਚੋਣਾਂ ਕਰਵਾਉਣ ਦੀ ਸਿਫਾਰਸ਼ ਕੀਤੀ ਸੀ। ਇਸ ਤਹਿਤ ਪਹਿਲੇ ਪੜਾਅ ਵਿੱਚ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਇੱਕੋ ਸਮੇਂ ਕਰਵਾਉਣ ਅਤੇ ਆਮ ਚੋਣਾਂ ਦੇ 100 ਦਿਨਾਂ ਦੇ ਅੰਦਰ ਪੰਚਾਇਤ ਤੇ ਨਗਰ ਪਾਲਿਕਾ ਚੋਣਾਂ ਕਰਵਾਉਣ ਦੀ ਸਿਫ਼ਾਰਸ਼ ਕੀਤੀ ਗਈ ਸੀ। ਇਸ ਵਿਚ ਕਿਹਾ ਗਿਆ ਹੈ ਕਿ ਸਾਰੀਆਂ ਚੋਣਾਂ ਲਈ ਇਕਸਾਰ ਵੋਟਰ ਸੂਚੀ ਹੋਣੀ ਚਾਹੀਦੀ ਹੈ। ਟੀਐਮਸੀ ਸੰਸਦ ਮੈਂਬਰ ਕਲਿਆਣ ਬੈਨਰਜੀ ਨੇ ਵਨ ਨੇਸ਼ਨ, ਵਨ ਇਲੈਕਸ਼ਨ ਬਿੱਲ 'ਤੇ ਕਿਹਾ, 'ਇਹ ਪ੍ਰਸਤਾਵਿਤ ਬਿੱਲ ਸੰਵਿਧਾਨ ਦੇ ਮੂਲ ਢਾਂਚੇ 'ਤੇ ਹਮਲਾ ਕਰਦਾ ਹੈ। ਜੇਕਰ ਕੋਈ ਬਿੱਲ ਅਸਲ ਵਿੱਚ ਸੰਵਿਧਾਨ ਦੇ ਮੂਲ ਢਾਂਚੇ 'ਤੇ ਹਮਲਾ ਕਰਦਾ ਹੈ ਤਾਂ ਇਹ ਸੰਵਿਧਾਨ ਦੇ ਅਧਿਕਾਰ ਖੇਤਰ ਤੋਂ ਬਾਹਰ ਹੈ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਰਾਜ ਸਰਕਾਰ ਅਤੇ ਰਾਜ ਵਿਧਾਨ ਸਭਾ ਕੇਂਦਰ ਸਰਕਾਰ ਜਾਂ ਸੰਸਦ ਦੇ ਅਧੀਨ ਨਹੀਂ ਹਨ। ਇਸ ਸੰਸਦ ਨੂੰ ਸੱਤਵੀਂ ਅਨੁਸੂਚੀ ਦੀ ਸੂਚੀ 9 ਅਤੇ ਸੂਚੀ 999 ਦੇ ਤਹਿਤ ਕਾਨੂੰਨ ਬਣਾਉਣ ਦਾ ਅਧਿਕਾਰ ਹੈ। ਇਸੇ ਤਰ੍ਹਾਂ, ਰਾਜ ਵਿਧਾਨ ਸਭਾ ਨੂੰ ਸੱਤਵੀਂ ਅਨੁਸੂਚੀ ਦੀ ਸੂਚੀ 99 ਅਤੇ ਸੂਚੀ 999 ਦੇ ਅਧੀਨ ਕਾਨੂੰਨ ਬਣਾਉਣ ਦੀ ਸ਼ਕਤੀ ਹੈ। ਇਸ ਲਈ ਇਸ ਪ੍ਰਕਿਰਿਆ ਰਾਹੀਂ ਸੂਬਾ ਵਿਧਾਨ ਸਭਾ ਦੀ ਖੁਦਮੁਖਤਿਆਰੀ ਖੋਹੀ ਜਾ ਰਹੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੇਵਾ ਅਤੇ ਸਿਮਰਨ ਦੀ ਮੂਰਤਿ ਭਾਈ ਉਪਕਾਰ ਸਿੰਘ ਜੀ ਲਿਖਾਰੀ

# ਵੱਖ ਵੱਖ ਇਤਿਹਾਸਕ ਧਾਰਮਿਕ ਅਸਥਾਨਾਂ ਤੇ ਛੇ ਦਹਾਕਿਆਂ ਤੋਂ ਵੱਧ ਮੁੱਖ ਵਾਕ ਲਿਖ਼ਣ ਦੀ ਨਿਸ਼ਕਾਮ ਨਿਭਾ ਰਹੇ ਹਨ ਸੇਵਾ, ਜੋ ਅੱਜ ਵੀ ਨਿਰਵਿਘਨ ਜਾਰੀ ਹੈ




**ਚੌਕ ਮਹਿਤਾ, 17 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੇਵਾ ਦਾ ਮਨੁੱਖਤਾ ਦੇ ਕਲਿਆਣ ਵਿਚ ਵਿਸ਼ੇਸ਼ ਮਹੱਤਵ ਹੈ। ਭਗਤੀ ਮਾਰਗ ਵਿੱਚ ਸੇਵਾ ਦਾ ਵਿਸ਼ੇਸ਼ ਸਥਾਨ ਹੈ। ਸੇਵਾ ਅਸਲ ਵਿੱਚ ਬੜੀ ਉੱਚੀ ਸਾਧਨਾਂ ਹੈ। ਸੇਵਾ ਦੀ ਭਾਵਨਾ ਹਉਮੈ ਨੂੰ ਨਸ਼ਟ ਕਰਦੀ ਹੈ। ਹਉਮੈ ਧੁੰਧ ਗੁਬਾਰ ਵਾਂਗ ਅਤੇ ਸੇਵਾ ਪ੍ਰਕਾਸ਼ ਵਰਗੀ ਹੈ, ਜਿਥੇ ਸੇਵਾ ਹੋਰਨਾਂ ਲਈ ਜਿਊਣਾ ਸਿਖਾਉਂਦੀ ਹੈ, ਉਥੇ ਹਉਮੈ ਸਵਾਰਥੀ ਅਤੇ ਨਿਜ ਨੂੰ ਸਵਾਰਦੀ ਹੈ। ਸੇਵਾ ਦੀ ਭਾਵਨਾ ਹਰੇਕ ਮਨ ਵਿਚ ਪੈਦਾ ਨਹੀਂ ਹੋ ਸਕਦੀ। ਇਸ ਲਈ ਉਚੇ ਆਚਰਣ ਦੀ ਲੋੜ ਹੁੰਦੀ ਹੈ। ਸੰਤੋਖੀ ਸਾਧਕ ਹੀ ਸੇਵਾ ਵੱਲ ਰੁਚਿਤ ਹੁੰਦਾ ਹੈ। ਪੰਥ ਦੇ ਮਹਾਨ ਵਿਦਵਾਨ ਭਾਈ ਕਾਹਨ ਸਿੰਘ ਨਾਭਾ ਨੇ ਮਹਾਨ ਕੋਸ਼ ਦੇ ਐਡੀਸ਼ਨ 1999 ਦੇ ਪੰਨਾ ਨੰਬਰ 228 'ਤੇ ਸੇਵਾ ਦੀ ਸੰਗਿਆ ਬਾਰੇ ਲਿਖਿਆ ਹੈ ਕਿ ਸ਼ੇਵਹ ਖ਼ਿਦਮਤ, ਉਪਾਸਨਾ ਨਾਮੇ ਕੀ ਸਭ ਸੇਵਾ ਕਰੇ, ਸ਼ੇਵਹ, ਤਰੀਕਾ, ਕਾਇਦਾ ਗੁਰਮਤਿ ਪਾਏਂ ਸਹਿਜ ਸੇਵਾ, ਆਦਤ ਸੁਭਾਓ। ਸਿੰਧੀ ਵਿਚ ਸੇਵਾ ਦਾ ਉਚਾਰਨ ਸ਼ੇਵਹ ਹੈ ਅਤੇ ਇਸ ਦਾ ਅਰਥ ਪੂਜਾ ਭੇਂਟਾ ਹੈ। ਡਾਕਟਰ ਰਤਨ ਸਿੰਘ ਜੱਗੀ ਜੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਕੋਸ਼ ਵਿੱਚ ਲਿਖਦੇ ਹਨ ਸਿੱਖ ਧਰਮ ਦੇ ਬਾਨੀ ਸੱਚੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸੇਵਾ ਸ੍ਰੇਸ਼ਟ ਕਰਨੀ ਤੇ ਜ਼ੋਰ ਦਿੱਤਾ ਹੈ ਕਿ ਸੇਵਾ ਰਾਹੀਂ ਕੀਤੀ ਕਮਾਈ ਜਾਂ ਸਾਧਨਾਂ ਤੋਂ ਹੀ ਪਰਮ ਸੁਖ ਦੀ ਪ੍ਰਾਪਤੀ ਹੋ ਸਕਦੀ ਹੈ। ਸੇਵਾ ਆਪਣੇ ਆਪ ਵਿੱਚ ਇੱਕ ਸਾਧਨਾਂ ਹੈ। ਪੱਖਾ ਝੱਲਣਾ, ਪਾਣੀ ਭਰਣਾ, ਆਟਾ ਪੀਹਣਾ, ਲੰਗਰ ਪਕਾਉਣਾ, ਵਰਤਾਉਣਾ ਬਾਹਰ ਮੁਖੀ ਸੇਵਾ ਹਨ। ਅੰਦਰ ਦੀ ਸੇਵਾ ਰਾਹੀਂ ਗੁਰੂ ਦਾ ਦਰਸ਼ਨ ਕਰਨਾ ਉਸ ਦੇ ਬਚਨ ਜਾਂ ਬਾਣੀ ਸਰਵਣ ਕਰਨਾ ਉਨ੍ਹਾਂ ਅਨੁਸਾਰ ਕਰਮ ਕਰਨੇ ਇਹ ਇਕ ਪ੍ਰਕਾਰ ਦੀ ਮਾਨਸਿਕ ਸੇਵਾ ਹੀ ਹੈ। ਸਚ ਤਾਂ ਇਹ ਹੈ ਕਿ ਗੁਰੂ ਘਰ ਵਿੱਚ ਗੁਰਗੱਦੀ ਦਾਂ ਅਧਿਕਾਰੀ ਹੀ ਉਸ ਨੂੰ ਸਮਝਿਆ ਗਿਆ ਹੈ ਜੋ ਦੋਵਾਂ ਤਰ੍ਹਾਂ ਦੀ ਸੇਵਾ ਵਿਚ ਨਿਪੁੰਨ ਹੋਵੇ। ਭਾਈ ਲਹਿਣਾ ਜੀ ਆਪਣੀ ਸੱਚੀ ਸੇਵਾ ਕਰਕੇ ਹੀ ਗੁਰੂ ਅੰਗਦ ਹੋਣ ਦਾ ਮਾਣ ਪ੍ਰਾਪਤ ਕਰ ਸਕੇ ਸਨ। ਗੁਰੂ ਅਮਰਦਾਸ ਜੀ ਦੀ ਅਦੁੱਤੀ ਗੁਰੂ ਸੇਵਾ ਸਿੱਖ ਇਤਿਹਾਸ ਵਿੱਚ ਪ੍ਰਸਿੱਧ ਹੈ। ਗੁਰੂ ਅਮਰਦਾਸ ਜੀ ਵੱਲੋਂ ਰੋਜ਼ਾਨਾ ਹੀ ਬਿਆਸ ਦਰਿਆ ਤੋਂ ਜਲ ਦੀ ਗਾਗਰ ਧਰਮ ਗੁਰੂ ਜੀ ਦੇ ਲਈ ਲਿਆਂਦੀ ਜਾਂਦੀ ਸੀ। ਘਨੁਈਆ ਜੀ ਦੇ ਚਰਿਤ੍ਰ ਵਿੱਚ ਮਨੁੱਖੀ ਸੇਵਾ ਦਾ ਉਜਲਾ ਨਮੂਨਾ ਵੇਖਿਆ ਜਾ ਸਕਦਾ ਹੈ। ਮੁਢ ਕਦੀਮਾਂ ਤੋਂ ਚਲੀ ਆ ਰਹੀਆ ਪ੍ਰੰਪਰਾਵਾਂ ਅਨੁਸਾਰ ਗੁਰੂ ਸਾਹਿਬ ਵਲੋਂ ਦਰਸਾਏ ਮਾਰਗ ਤੇ ਚੱਲਣ ਵਾਲੇ, ਗੁਰੂ ਆਸ਼ੇ ਅਨੁਸਾਰ ਜੀਵਨ ਜਿਊਣ ਵਾਲੇ ਗੁਰੂ ਘਰ ਦੇ ਅਨਿਨ ਸੇਵਕ ਸਿਫ਼ਤੀ ਦੇ ਘਰ ਸ਼੍ਰੀ ਅੰਮ੍ਰਿਤਸਰ ਸਹਿਬ ਚੌਂਕ ਬਾਬਾ ਭੌੜੀ ਵਾਲਾ ਗਲੀ ਨੰਬਰ ਇਕ ਨਿਵਾਸੀ ਭਾਈ ਉਪਕਾਰ ਸਿੰਘ (76) ਜੋ ਲਗਭਗ ਛੇ ਦਹਾਕਿਆਂ ਤੋਂ ਵੱਧ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਗੁਰਦੁਆਰਾ ਸ੍ਰੀ ਬਿਬੇਕਸਰ ਸਾਹਿਬ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ, ਗੁਰਦੁਆਰਾ ਬਾਬਾ ਬੋਤਾ ਸਿੰਘ ਜੀ, ਬਾਬਾ ਗਰਜਾ ਸਿੰਘ ਜੀ, ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਅਤੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਅੰਮ੍ਰਿਤ ਵੇਲੇ ਆਏ ਮੁੱਖ ਵਾਕ ਲਿਖ਼ਣ ਦੀ ਨਿਸ਼ਕਾਮ ਸੇਵਾਵਾਂ ਨਿਭਾਅ ਰਹੇ ਹਨ ਜੋਂ ਅੱਜ ਵੀ ਨਿਰਵਿਘਨ ਜਾਰੀ ਹੈ। ਇਸ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਅੰਮ੍ਰਿਤ ਵੇਲੇ ਪਾਲਕੀ ਸਾਹਿਬ ਜੀ ਦੇ ਸਿੰਘਾਸਨ ਤਿਆਰ ਕਰਨ ਉਪਰੰਤ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੇ ਪ੍ਰਕਾਸ਼ ਸੁਸ਼ੋਭਿਤ ਕਰਨ ਦੀ ਤਿਆਰੀ ਵਿਚ ਵੀ ਸੇਵਾ ਨਿਭਾਅ ਰਹੇ ਹਨ। ਨਿੱਤਾ ਪ੍ਰਤੀ ਸਵੱਈਏ ਪੜ੍ਹਨ ਵਾਲੇ ਗੁਰਮੁਖ ਪਿਆਰਿਆਂ ਨਾਲ ਵਾਰੀ ਅਨੁਸਾਰ ਸਵੱਈਏ ਪੜ੍ਹਨ ਦੀ ਸੇਵਾ ਨਿਭਾਉਂਦੇ ਹਨ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਕਰਨ ਤੋਂ ਪਹਿਲਾ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁੱਖ ਅੰਮ੍ਰਿਤ ਮਈ ਭੱਟਾਂ ਦੇ ਸਵੱਈਏ ਪੜ੍ਹਨ ਦੀ ਸੇਵਾ ਨਿਭਾਉਂਦੇ ਆ ਰਹੇ ਹਨ। ਇੰਨ੍ਹਾਂ ਦੇ ਨਾਲ ਦੂਸਰੇ ਸਾਥੀ ਭਾਈ ਹਰਜੀਤ ਸਿੰਘ, ਭਾਈ ਜਸਬੀਰ ਸਿੰਘ, ਭਾਈ ਹਰਇਕਬਾਲ ਸਿੰਘ, ਭਾਈ ਨਵਨੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਤਜਿੰਦਰ ਸਿੰਘ, ਸ. ਪਗੜੀ ਹਾਊਸ ਵਾਲੇ ਆਦਿ ਵੀ ਸੇਵਾ ਨਿਭਾਅ ਰਹੇ ਹਨ। ਭਾਈ ਉਪਕਾਰ ਸਿੰਘ ਜੀ ਦਾ ਲਾਡਲਾ ਸਪੁੱਤਰ ਸ. ਸਿਮਰਨਜੀਤ ਸਿੰਘ ਵੀ ਲਗਪਗ ਦੋ ਦਹਾਕਿਆਂ ਤੋਂ ਵੱਧ ਆਪਣੇ ਪਿਤਾ ਜੀ ਨਾਲ ਇਹ ਸੇਵਾਵਾਂ ਨਿਭਾਅ ਰਿਹਾ ਹੈ। ਇਸ ਨੇਕ ਕਾਰਜ ਵਿਚ ਭਾਈ ਉਪਕਾਰ ਸਿੰਘ ਜੀ ਦੀ ਧਰਮ ਪਤਨੀ ਬੀਬਾ ਦਵਿੰਦਰ ਕੌਰ ਪਿਛਲੇ 6 ਦਹਾਕਿਆਂ ਤੋਂ ਵੱਧ ਸ਼ਿਦਤ ਨਾਲ ਚਾਂਈ ਚਾਂਈ ਰੋਜ਼ਾਨਾ ਅੰਮ੍ਰਿਤ ਵੇਲੇ ਉੱਠ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਆਪਣੇ ਸਿਰ ਦੇ ਸਾਈਂ ਅਤੇ ਬੇਟੇ ਨੂੰ ਗੁਰੂ ਘਰ ਵੱਲ ਤੋਰਨ ਦੇ ਵੱਡਮੁੱਲੇ ਯੋਗਦਾਨ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਭਾਈ ਉਪਕਾਰ ਸਿੰਘ ਰੋਜ਼ਾਨਾ ਤਾਰਿਆਂ ਦੀ ਲੋਏ- ਲੋਏ ਬਿੰਨ੍ਹਾਂ ਕਿਸੇ ਮੌਸਮ ਦੀ ਪ੍ਰਵਾਹ ਕਰਦਿਆਂ ਰਾਤ ਇਕ ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵੱਲ ਬਿੰਨ੍ਹਾਂ ਨਾਗਾ ਚਾਲੇ ਪਾ ਦਿੰਦੇ ਹਨ। ਇੱਥੇ ਦੱਸਣਯੋਗ ਹੈ ਕਿ ਬੀਤੇ ਵਰ੍ਹੇ 12 ਨਵੰਬਰ ਦੀਵਾਲੀ ਤੋਂ ਇਕ ਦਿਨ ਪਹਿਲਾ ਭਾਈ ਉਪਕਾਰ ਸਿੰਘ ਜੀ ਦਾ ਬੇਟਾ ਸੱਚਖੰਡ ਵਾਸੀ ਸ. ਜਸਜੋਤ ਸਿੰਘ ਰੂਬਲ ਭਰ ਜਵਾਨੀ ਵਿਚ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਦੇ ਅੰਤਿਮ ਸੰਸਕਾਰ ਤੋਂ ਦੂਸਰੇ ਦਿਨ ਭਾਈ ਲਿਖਾਰੀ ਜੀ ਦੇ ਪਦ ਚਿੰਨ੍ਹਾਂ 'ਤੇ ਚਲਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਨਤਮਸਤਕ ਹੋਣ ਅਤੇ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਇਹ ਸਾਬਤ ਕਰ ਦਿੱਤਾ ਕਿ ਗੁਰੂ ਪਹਿਲਾਂ ਬਾਕੀ ਦੁਨਿਆਵੀ ਕੰਮ ਬਾਅਦ ਵਿੱਚ। ਕੇਵਲ ਇੰਨ੍ਹਾਂ ਹੀ ਨਹੀਂ, ਬਲਕਿ ਸ਼ਹੀਦ ਊਧਮ ਸਿੰਘ ਹਾਲ ਗੇਟ ਭਗਤਾਂ ਵਾਲਾ ਵਿਖੇ ਉਸ ਦੀ ਅੰਤਿਮ ਅਰਦਾਸ ਮੌਕੇ ਹਰਿਮੰਦਰ ਸਾਹਿਬ ਜੀ ਦੀ ਮਰਿਆਦਾ ਨੂੰ ਕਾਇਮ ਰੱਖਦਿਆਂ ਹੁਕਮਨਾਮਾ ਲੈਣ ਤੋਂ ਪਹਿਲਾਂ ਆਪਣੇ ਸਾਥੀਆਂ ਨਾਲ ਸਵੱਈਏ ਪੜ੍ਹਨ ਦੀ ਮਰਿਆਦਾ ਨੂੰ ਵੀ ਕਾਇਮ ਰੱਖਿਆ। ਸੱਚ ਜਾਣਿਉ ਦਾਸ ਸ. ਰਜਿੰਦਰ ਸਿੰਘ ਸਾਂਘਾ ਉਸ ਵਕਤ ਉਥੇ ਹੀ ਸੀ। ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਆਈ ਸੰਗਤਾਂ ਦੇ ਨੇਤਰਾਂ ਤੋਂ ਆਪ ਮੁਹਾਰੇ ਜਲ ਵਹਿ ਰਿਹਾ ਸੀ ਅਤੇ ਸਮੂਹ ਸੰਗਤਾਂ ਸੱਚਖੰਡ ਦਾ ਨਜ਼ਾਰਾ ਮਹਿਸੂਸ ਕਰਦਿਆ ਵਾਹਿਗੁਰੂ, ਵਾਹਿਗੁਰੂ, ਵਾਹਿਗੁਰੂ, ਵਾਹਿਗੁਰੂ ਦਾ ਜਾਪ ਕਰ ਰਹੀਆਂ ਸਨ। ਜੂਨ 1984 ਸਾਕਾ ਨੀਲਾ ਤਾਰਾ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਉਤਰ ਦਿੰਦਿਆਂ ਹੀ ਭਾਈ ਸਾਹਿਬ ਜੀ ਦੇ ਨੈਣ ਕਟੋਰੇ ਭਰ ਗਏ। ਬਹੁਤ ਠਰ੍ਹੰਮੇਂ ਨਾਲ ਆਪਣੇ ਆਪ ਨੂੰ ਸੰਭਾਲਦਿਆਂ ਉਨ੍ਹਾਂ ਦੱਸਿਆ ਕਿ ਫੌਜਾਂ ਦੇ ਰੋਕ ਟੋਕ ਦੀ ਪ੍ਰਵਾਹ ਨਾ ਕਰਦਿਆਂ ਜਾਣ ਹਥੇਲੀ ਤੇ ਰੱਖ ਕੇ ਨਤਮਸਤਕ ਹੋਣ ਲਈ ਸੇਵਾ ਵਿਚ ਵਿਘਣ ਨਹੀਂ ਆਉਣ ਦਿੱਤਾ। ਮਨ ਅੰਦਰ ਇਹੀ ਭਾਵਨਾ ਸੀ ਕਿ ਇਹ ਸੇਵਾ ਅੰਤਿਮ ਸਵਾਸਾਂ ਸੰਗ ਨਿਭ ਜਾਵੇ। ਭਿੱਜੇ ਹੋਏ ਨੇਤਰਾਂ ਨਾਲ ਗੱਲਬਾਤ ਦਾ ਸਿਲਸਿਲਾ ਜਾਰੀ ਰੱਖਦਿਆਂ ਉਨ੍ਹਾਂ ਦੱਸਿਆ ਕਿ ਇਕ ਦਿਨ ਜਦੋ ਕਰਫਿਊ ਵਿਚ ਢਿੱਲ ਦਿੱਤੀ ਗਈ ਸੀ ਤਾਂ ਮੈਂ ਸ੍ਰੀ ਹਰਿਮੰਦਰ ਸਾਹਿਬ ਜੀ ਤੋਂ ਬਾਹਰ ਆ ਰਿਹਾ ਸੀ, ਮੰਜੀ ਸਾਹਿਬ ਦੀਵਾਨ ਹਾਲ ਦੇ ਸਾਹਮਣੇ ਮਿਲਟਰੀ ਵਾਲਿਆਂ ਨੇ ਆਪਣੇ ਅੰਦਾਜ਼ ਵਿਚ ਰੋਕ ਲਿਆ, ਮੈਂ ਡਰਿਆ ਨਹੀਂ ਮੇਰੇ ਕੋਲ ਕੁਝ ਗੁਰਬਾਣੀ ਦੇ ਅਰਥਾਂ ਵਾਲੀਆ ਕੁਝ ਪੋਥੀਆਂ ਸਨ, ਉਸ ਨੇ ਪਹਿਲਾ ਸਵਾਲ ਕੀਤਾ ਕਿ ਇਸ ਕਿਤਾਬ ਮੇਂ ਕਯਾ ਹੈ, ਜੋਂ ਤੁਮ ਲੋਗ ਮੌਤ ਸੇ ਭੀ ਨਹੀਂ ਡਰਤੇ, ਔਰ ਯਹਾਂ ਖੀਚੇ ਚਲੇ ਆ ਰਹੇ ਹੋ ? ਮੈਂ ਕੇਵਲ ਉਸ ਨੂੰ ਇੰਨ੍ਹਾਂ ਹੀ ਕਿਹਾ ਕਿ ਇਸ ਮੇਂ ਹਮਾਰੀ ਜਿੰਦ-ਜਾਨ ਹੈ। ਉਸ ਨੇ ਕਿਹਾ ਕਿ ਮੈਂ ਇਸੇ ਛੂਹ ਸਕਤਾਂ ਹੂੰ ? ਮੈ ਗੁਰਬਾਣੀ ਦੀਆਂ ਪੋਥੀਆਂ ਉਸ ਵੱਲ ਅਗਾਂਹ ਕੀਤੀਆਂ ਉਸ ਨੇ ਬਹੁਤ ਸ਼ਰਧਾ ਅਤੇ ਸਤਿਕਾਰ ਨਾਲ ਉਨ੍ਹਾਂ ਨੂੰ ਚੁੰਮਦਿਆਂ ਆਪਣੇ ਮਸਤਕ ਤੇ ਲਗਾਇਆਂ ਅਤੇ ਮੈਨੂੰ ਅੱਗੇ ਵਧਣ ਦਾ ਇਸ਼ਾਰਾ ਕੀਤਾ। ਨਸ਼ਿਆਂ 'ਚ ਗਲਤਾਨ ਹੋ ਰਹੀ ਨੌਜਵਾਨ ਪੀੜ੍ਹੀ ਨੂੰ ਕੀ ਸੰਦੇਸ਼ ਦੇਣਾ ਚਾਹੋਗੇ ਦੇ ਜਵਾਬ ਵਿੱਚ ਭਾਈ ਉਪਕਾਰ ਸਿੰਘ ਨੇ ਕਿਹਾ ਕਿ ਬੇਸ਼ੱਕ ਸਮੇਂ-ਸਮੇਂ ਦੀਆਂ ਸਰਕਾਰਾਂ ਅਤੇ ਸਿੱਖਾਂ ਦੀ ਮਿੰਨੀ ਪਾਰਲੀਮੈਂਟ ਵਜੋਂ ਜਾਣੀਂ ਜਾਂਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ ਆਪਣੇ-ਆਪਣੇ ਢੰਗ ਤਰੀਕਿਆਂ ਨਾਲ ਨਸ਼ਿਆਂ ਦੇ ਵਗ ਰਹੇ ਛੇਵੇਂ ਦਰਿਆ ਨੂੰ ਠੱਲ ਪਾਉਣ ਅਤੇ ਭਰੂਣ ਹੱਤਿਆਂ ਜਿਹੀਆਂ ਸਮਾਜਿਕ ਬੁਰਾਈਆਂ ਨੂੰ ਜੜ੍ਹੋਂ ਪੁੱਟਣ ਲਈ ਵਡਮੁੱਲਾ ਯੋਗਦਾਨ ਪਾ ਰਹੀਆਂ ਹਨ ਅਤੇ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ, ਧਾਰਮਿਕ ਸਭਾ ਸੁਸਾਇਟੀਆ ਅਤੇ ਬੱਚਿਆਂ ਦੇ ਮਾਪਿਆਂ ਨੂੰ ਭਰੋਸੇ ਵਿੱਚ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਰਕਾਰ ਵੱਲੋ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦਾ ਮੋਢੇ ਨਾਲ ਮੋਢਾ ਜੋੜ ਕੇ ਇਸ ਲਹਿਰ ਦਾ ਹਿੱਸਾ ਬਣੀਏ। ਜੇ ਸਮਾਂ ਰਹਿੰਦਿਆਂ ਅਸੀਂ ਇਸ ਵਿਚ ਸੁਚੇਤ ਨਾਂ ਹੋਏ ਤਾਂ ਆਉਣ ਵਾਲੀਆ ਪੀੜ੍ਹੀਆਂ ਸਾਨੂੰ ਕਦੀ ਮੁਆਫ਼ ਨਹੀਂ ਕਰਨਗੀਆਂ। ••

> **ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਅੰਮ੍ਰਿਤ ਵੇਲੇ ਪੜਦੇ ਹਨ ਭੱਟਾਂ ਦੇ ਸਵੱਈਏ**

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਹਜ਼ੂਰ ਸਾਹਿਬ ਵਿਖੇ ਗੁਰੂ ਸਾਹਿਬ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਕਰਵਾਏ ਜਾਣਗੇ "ਵਿਸ਼ੇਸ਼ ਸਮਾਗਮ": ਡਾ ਵਿਜੈ ਸਤਬੀਰ ਸਿੰਘ



**ਚੌਕ ਮਹਿਤਾ, 17ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਮਾਨਯੋਗ ਪੰਜਪਿਆਰੇ ਸਾਹਿਬਾਨ ਦੇ ਸਰਪ੍ਰਸਤੀ ਹੇਠ, ਮਾਨਯੋਗ ਡਾ. ਵਿਜੇ ਸਤਬੀਰ ਸਿੰਘ ਜੀ ਪ੍ਰਸ਼ਾਸਕ ਇਨਾਂ ਦੇ ਮਾਰਗਦਰਸ਼ਨ ਵਿੱਚ ਗੁਰਦੁਆਰਾ ਸੱਚਖੰਡ ਬੋਰਡ ਵੱਲੋਂ ਗੁਰੂ ਸਾਹਿਬ ਜੀ ਦੇ ਸ਼ਾਹਿਬਜਾਦਿਆਂ ਦੇ ਸ਼ਹਾਦਤ ਨੂੰ ਸਮਰਪਿਤ ਮਿਤੀ 25ਅਤੇ 26ਦਸੰਬਰ 2024ਨੂੰ ਵਿਸ਼ੇਸ਼ ਗੁਰਮਤਿ ਸਮਾਗਮ ਮਨਾਏ ਜਾ ਰਹੇ ਹਨ। ਇਨਾਂ ਸਮਾਗਮਾਂ ਵਿੱਚ ਓਪਨ ਲੇਖ ਲਿਖਣ ਮੁਕਾਬਲਾ ਮਿਤੀ 25 ਦਸੰਬ ਨੂੰ ਸਕੂਲੀ ਵਿਦਿਆਰਥੀਆਂ ਦੀ 'ਸਦਭਾਵਨਾ ਰੈਲੀ' ਸਵੇਰੇ 8.30 ਵਜੇ ਖਾਲਸਾ ਹਾਈਸਕੂਲ ਤੋਂ ਆਰੰਭ ਹੋ ਕੇ 10 ਵਜੇ ਤਖਤ ਸਾਹਿਬ ਵਿਖੇ ਪੁੱਜੇਗੀ ਮਿਤੀ 26 ਦਸੰਬਰ ਨੂੰ ਮੈਰਾਥਨ- ਸਦਭਾਵਨਾ ਦੌੜ:ਸਵੇਰੇ 7.30 ਵਜੇ ਤਖਤ ਸਾਹਿਬ ਦੇ ਗੇਟ ਨੰ. 1 ਤੋਂ ਆਰੰਭ ਹੋ ਕੇ ਸ਼ਹਿਰ ਵਿੱਚ ਫੇਰਾ ਪਾਕੇ ਗੁਰਦੁਆਰਾ ਬਾਓਲੀ ਦਮਦਮਾ ਸਾਹਿਬ (ਤਹਿਸੀਲ ਆਫਿਸ) ਵਿਖੇ ਸਮਾਪਨ ਹੋਵੇਗਾ ਮਿਤੀ 26 ਦਸੰਬਰ 2024 ਨੂੰ 'ਬਲਡ ਡੋਨੇਸ਼ਨ ਕੈਂਪ ਅਤੇ ਫ੍ਰੀ ਮੇਡਿਕਲ ਚੇਕਅਪ ਕੈਂਪ' ਦਸਮੇਸ਼ ਹਸਪਤਾਲ ਵਿਖੇ ਹੋਵੇਗਾ ਮਿਤੀ 26 ਦਸੰਬਰ ਨੂੰ 'ਸਰਵ ਧਰਮ ਸੰਮੇਲਨ' ਗੁਰੂ ਗ੍ਰੰਥ ਸਾਹਿਬਜੀ ਭਵਨ ਵਿਖੇ ਹੋਵੇਗਾ ਮਿਤੀ 25 ਅਤੇ 26 ਦਸੰਬਰ ਨੂੰ ਤਖਤ ਸਾਹਿਬ ਵਿਖੇ 'ਵਿਸ਼ੇਸ਼ ਗੁਰਮਤਿ ਸਮਾਗਮ' ਰਾਤ 8.30 ਤੋਂ 12 ਵਜੇ ਤੱਕ ਹੋਣਗੇ ਗੁਰਦੁਆਰਾ ਸੱਚਖੰਡ ਬੋਰਡ ਦੇ ਸਹਿਯੋਗ ਨਾਲ ਮਿਤੀ 27 ਦਸੰਬਰ 2024 ਨੂੰ ਰਾਤ 7.30 ਤੋਂ 9.30 ਵਜੇ ਤੱਕ ਯੂਨਾਈਟੇਡ ਸਿੰਘ ਸਭਾ ਫਾਉਂਡੇਸ਼ਨ ਵੱਲੋਂ, ਪੰਜਾਬੀ ਰੰਗ ਮੰਚ ਪਟਿਆਲਾ ਰਾਹੀਂ 'ਸਫਰ-ਏ-ਸ਼ਹਾਦਤ ਲਾਈਟ ਐਂਡ ਸਾਉਂਡ ਪ੍ਰੋਗ੍ਰਾਮ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਹੋਵੇਗਾ ਮਿਤੀ 28 ਦਸੰਬਰ 2024 ਨੂੰ ਸਾਹਿਬਜਾਦਿਆਂ ਦੇ ਸ਼ਹਾਦਤ ਨੂੰ ਸਮਰਪਿਤ 10.45 ਤੋਂ 11:00 ਵੱਜੇ ਤੱਕ 'ਵਾਹਿਗੁਰੂ ਮੰਤਰ' ਦੇ ਜਾਪ ਹੋਣਗੇ ਸੰਗਤਾਂ ਨੂੰ ਬੇਨਤੀ ਹੈ ਕਿ, ਇਨਾਂ ਸਾਰੀਆ ਸਮਾਗਮਾਂ ਵਿੱਚ ਦਰਸ਼ਨ ਦੇਕਰ ਅਪਨੀ ਸ਼ਰਧਾ ਭੇਟ ਕਰੋ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸਤਿਕਾਰਿਤ ਬੀਬੀ ਜਸਮੇਲ ਕੌਰ ਸੁਪਤਨੀ ਸਵਰਗਵਾਸੀ ਸ. ਸੰਸਾਰ ਸਿੰਘ ਦਿੱਲੀ ਦੇ ਅਕਾਲ ਚਲਾਣੇ ਤੇ ਸ. ਮਾਨ ਤੇ ਪਾਰਟੀ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ



ਨਵੀਂ ਦਿੱਲੀ, 17 ਦਸੰਬਰ (ਮਨਪ੍ਰੀਤ ਸਿੰਘ ਖਾਲਸਾ) "ਸ. ਸੰਸਾਰ ਸਿੰਘ ਜਿਨ੍ਹਾਂ ਨੇ ਲੰਮਾਂ ਸਮਾਂ ਪੂਰਨ ਦ੍ਰਿੜਤਾ, ਇਮਾਨਦਾਰੀ ਅਤੇ ਸੰਜ਼ੀਦਗੀ ਨਾਲ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਮਿਥੇ ਨਿਸਾਨੇ ਆਜਾਦੀ ਦੀ ਸੋਚ ਤੇ ਦ੍ਰਿੜਤਾ ਨਾਲ ਪਹਿਰਾ ਦਿੰਦੇ ਹੋਏ ਬਤੌਰ ਦਿੱਲੀ ਸਟੇਟ ਦੇ ਪ੍ਰਧਾਨ ਦੀ ਸੇਵਾ ਨਿਭਾਉਦੇ ਹੋਏ ਕੁਝ ਸਮਾਂ ਪਹਿਲਾ ਅਕਾਲ ਪੁਰਖ ਨੂੰ ਪਿਆਰੇ ਹੋ ਗਏ ਸਨ, ਉਨ੍ਹਾਂ ਦੇ ਧਰਮ ਸਪਤਨੀ ਬੀਬੀ ਜਸਮੇਲ ਕੌਰ ਆਪਣੇ ਸਵਾਸਾਂ ਦੀ ਪੂੰਜੀ ਸੰਪੂਰਨ ਕਰਦੇ ਹੋਏ ਗੁਰੂ ਚਰਨਾਂ ਵਿਚ ਜਾ ਬਿਰਾਜੇ ਹਨ । ਜਿਨ੍ਹਾਂ ਦੇ ਚਲੇ ਜਾਣ ਨਾਲ ਸ. ਸੰਸਾਰ ਸਿੰਘ ਦੇ ਸਮੁੱਚੇ ਗੁਰਸਿੱਖ ਬੱਚੇ, ਬੱਚੀਆਂ, ਪਰਿਵਾਰ ਨੂੰ ਤਾਂ ਇਕ ਅਸਹਿ ਤੇ ਅਕਹਿ ਘਾਟਾ ਪਿਆ ਹੀ ਹੈ । ਲੇਕਿਨ ਉਨ੍ਹਾਂ ਦੇ ਚਲੇ ਜਾਣ ਨਾਲ ਪਾਰਟੀ ਨੂੰ ਵੀ ਬਹੁਤ ਵੱਡਾ ਘਾਟਾ ਪਿਆ ਹੈ । ਕਿਉਂਕਿ ਜੇਕਰ ਸ. ਸੰਸਾਰ ਸਿੰਘ ਦ੍ਰਿੜਤਾ ਨਾਲ ਦਿਨ ਰਾਤ ਪਾਰਟੀ ਸੋਚ ਲਈ ਕੰਮ ਕਰਦੇ ਸਨ, ਤਾਂ ਉਸ ਵਿਚ ਬਹੁਤ ਵੱਡ ਚੌਖਾ ਯੋਗਦਾਨ ਸਾਡੇ ਸਤਿਕਾਰਯੋਗ ਭੈਣ ਜੀ ਬੀਬੀ ਜਸਮੇਲ ਕੌਰ ਦਾ ਡੂੰਘਾਂ ਯੋਗਦਾਨ ਰਿਹਾ ਹੈ । ਕਿਉਂਕਿ ਬੀਬੀ ਜਸਮੇਲ ਕੌਰ ਵੀ ਗੁਰਸਿੱਖੀ ਨੂੰ ਅਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਪ੍ਰਣਾਈ ਹੋਈ ਇਕ ਨੇਕ ਆਤਮਾ ਸਨ । ਜਿਨ੍ਹਾਂ ਨੇ ਸ. ਸੰਸਾਰ ਸਿੰਘ ਨੂੰ ਤਾਂ ਹਰ ਖੇਤਰ ਵਿਚ ਸਹਿਯੋਗ ਦਿੱਤਾ ਹੀ ਲੇਕਿਨ ਆਪਣੇ ਬੱਚਿਆ ਨੂੰ ਵੀ ਗੁਰਸਿੱਖੀ ਨਾਲ ਜੋੜਦੇ ਹੋਏ ਗੁਰਸਿੱਖੀ ਜੀਵਨ ਬਤੀਤ ਕਰਨ, ਕੌਮ, ਸਮਾਜ ਅਤੇ ਖਾਲਸਾ ਪੰਥ ਲਈ ਹਰ ਖੇਤਰ ਵਿਚ ਮੋਹਰਲੀਆ ਕਤਾਰਾਂ ਵਿਚ ਯੋਗਦਾਨ ਪਾ ਕੇ ਸੇਵਾ ਕਰਨ ਲਈ ਨਿਰੰਤਰ ਪ੍ਰੇਰਦੇ ਆਏ ਹਨ । ਬੇਸੱਕ ਸ. ਸੰਸਾਰ ਸਿੰਘ ਸਾਡੇ ਤੋ ਕੁਝ ਸਮਾਂ ਪਹਿਲੇ ਵਿਛੜ ਗਏ ਸਨ, ਪਰ ਇਸ ਵਿਛੋੜੇ ਦੇ ਬਾਵਜੂਦ ਵੀ ਬੀਬੀ ਜਸਮੇਲ ਕੌਰ ਅਤੇ ਉਨ੍ਹਾਂ ਦੇ ਬੱਚੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੂੰ ਉਸੇ ਤਰ੍ਹਾਂ ਨਿਰੰਤਰ ਸੇਵਾਵਾਂ ਦਿੰਦੇ ਰਹੇ ਹਨ ਜਿਵੇ ਸ. ਸੰਸਾਰ ਸਿੰਘ ਨੇ ਦਿਨ ਰਾਤ ਇਕ ਕਰਕੇ ਦਿੱਲੀ ਸਟੇਟ ਵਿਚ ਪਾਰਟੀ ਨੂੰ ਮਜਬੂਤ ਕੀਤਾ ਅਤੇ ਸੋਚ ਦਾ ਪ੍ਰਚਾਰ ਤੇ ਪ੍ਰਸਾਰ ਕਰਦੇ ਰਹੇ । ਇਸ ਪਏ ਘਾਟੇ ਤੇ ਦੁੱਖ ਵਿਚ ਅਸੀ ਪੂਰੀ ਤਰ੍ਹਾਂ ਸਮੂਲੀਅਤ ਕਰਦੇ ਹੋਏ ਵਿਛੜੀ ਨੇਕ ਆਤਮਾ ਦੀ ਸ਼ਾਂਤੀ ਲਈ ਜਿਥੇ ਅਰਦਾਸ ਕਰਦੇ ਹਾਂ, ਉਥੇ ਉਨ੍ਹਾਂ ਦੇ ਬੱਚੇ-ਬੱਚੀਆਂ ਤੇ ਪਰਿਵਾਰਿਕ ਮੈਬਰਾਂ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਵੀ ਕਰਦੇ ਹਾਂ ।"

ਇਸ ਦੁੱਖ ਦਾ ਪ੍ਰਗਟਾਵਾ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਤੋ ਇਲਾਵਾ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ, ਮਾਸਟਰ ਕਰਨੈਲ ਸਿੰਘ ਨਾਰੀਕੇ, ਪ੍ਰੋ. ਮਹਿੰਦਰਪਾਲ ਸਿੰਘ, ਕੁਸਲਪਾਲ ਸਿੰਘ ਮਾਨ, ਕੁਲਦੀਪ ਸਿੰਘ ਭਾਗੋਵਾਲ, ਹਰਪਾਲ ਸਿੰਘ ਬਲੇਰ, ਉਪਕਾਰ ਸਿੰਘ ਸੰਧੂ, ਅੰਮ੍ਰਿਤਪਾਲ ਸਿੰਘ ਛੰਦੜਾ, ਗੁਰਜੰਟ ਸਿੰਘ ਕੱਟੂ (ਸਾਰੇ ਜਰਨਲ ਸਕੱਤਰ), ਹਰਭਜਨ ਸਿੰਘ ਕਸਮੀਰੀ, ਬਹਾਦਰ ਸਿੰਘ ਭਸੌੜ, ਗੁਰਨੈਬ ਸਿੰਘ ਰਾਮਪੁਰਾ, ਪਰਮਿੰਦਰ ਸਿੰਘ ਬਾਲਿਆਂਵਾਲੀ (ਸਾਰੇ ਪੀ.ਏ.ਸੀ ਮੈਬਰ) ਆਦਿ ਆਗੂਆਂ ਨੇ ਸ. ਸੰਸਾਰ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਕੀਤਾ । ਸ. ਮਾਨ ਤੇ ਪਾਰਟੀ ਨੇ ਸਮੁੱਚੇ ਅਹੁਦੇਦਾਰਾਂ ਤੇ ਮੈਬਰਾਂ ਨੂੰ ਵੀ ਅਪੀਲ ਕੀਤੀ ਕਿ ਸਤਿਕਾਰਯੋਗ ਬੀਬੀ ਜਸਮੇਲ ਕੌਰ ਦੀ ਆਤਮਾ ਦੀ ਸ਼ਾਂਤੀ ਲਈ ਰਖਾਏ ਜਾਣ ਵਾਲੇ ਅਖੰਡ ਪਾਠ ਸਾਹਿਬ ਦੇ ਭੋਗ ਸਮਾਗਮ ਦੀ ਅਰਦਾਸ ਵਿਚ ਸਭ ਸਾਮਿਲ ਹੋਣ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# AWAZE QAUM
# TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

**ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

**Account Name: RAGHBIR SINGH**
**Bank Name : HALIFAX**
**Sort Code : 11-08-07**
**Account No. : 00516474**


To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**


## JOURNEY OF A LIFE TIME
## PANJ TAKHT YATRA
### 5 TAKHAT YATRA - 10 NIGHTS / 11 DAYS

### 10th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

### ਸਾਬਕਾ ਨੰਬਰਦਾਰ ਸ੍ਰ ਮੇਹਰ ਸਿੰਘ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ 'ਚ

# ਰਾਜਨੀਤਕ ਧਾਰਮਿਕ ਸਖਸ਼ੀਅਤਾਂ ਨੇ ਕੀਤੀ ਸ਼ਿਰਕਤ

**ਜੰਡਿਆਲਾ ਗੁਰੂ, 17 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਤੋਂ ਥੋੜੀ ਦੂਰੀ ਤੇ ਪੈਂਦੇ ਪਿੰਡ ਤਾਰਾਗੜ੍ਹ ਤੋਂ ਸਾਬਕਾ ਨੰਬਰਦਾਰ ਸ੍ਰ ਮੇਹਰ ਸਿੰਘ ਬੀਤੇ ਦਿਨ ਮਿਤੀ 8 ਦਸੰਬਰ 2024 ਦਿਨ ਐਤਵਾਰ ਨੂੰ ਪ੍ਰਮਾਤਮਾ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਅੱਜ 17 ਦਸੰਬਰ



## ਵੱਡੀ ਗਿਣਤੀ ਚ ਪਹੁੰਚੀ ਸੰਗਤ ਨੇ ਗੁਰਪ੍ਰੀਤ ਸਿੰਘ ਕਨੇਡਾ ਤੇ ਸਮੂਹ ਪ੍ਰੀਵਾਰ ਨਾਲ ਕੀਤਾ ਦੁੱਖ ਸਾਂਝਾ

ਦਿਨ ਮੰਗਲਵਾਰ ਨੂੰ ਸ੍ਰ ਮੇਹਰ ਸਿੰਘ ਜੀ ਦੇ ਗ੍ਰਹਿ ਵਿਖੇ ਤਿੰਨ ਰੋਜ਼ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਭੋਗ ਤੋਂ ਉਪਰੰਤ ਗੁਰਦੁਆਰਾ ਸਿੰਘ ਸਭਾ ਪਿੰਡ ਤਾਰਾਗੜ੍ਹ ਵਿਖੇ ਕੀਰਤਨ ਦਰਬਾਰ ਅਤੇ ਅੰਤਿਮ ਅਰਦਾਸ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ ੧

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੋਂ ਭਾਈ ਸਰੂਪ ਸਿੰਘ ਜੀ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਣਾ ਕੀਤਾ ਗਿਆ ਅਤੇ ਸਮਾਪਤੀ ਮੌਕੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਗੁਰੂ ਚਰਨਾਂ ਵਿੱਚ ਵਿਛੜੀ ਰੂਹ ਦੇ ਪ੍ਰਥਾਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਇਸ ਮੌਕੇ ਸਾਕ ਸਬੰਧੀਆਂ ਅਤੇ ਰਾਜਨੀਤਕ ਧਾਰਮਿਕ ਸਖਸ਼ੀਅਤਾਂ ਨੇ ਸ੍ਰ ਮੇਹਰ ਸਿੰਘ ਨੰਬਰਦਾਰ ਜੀ ਦੇ ਪੋਤਰੇ ਗੁਰਪ੍ਰੀਤ ਸਿੰਘ ਗੋਪੀ ਕਨੇਡਾ,ਬੇਟੇ ਹਰਪਾਲ ਸਿੰਘ,ਬੇਟੇ ਬਲਦੇਵ ਸਿੰਘ, ਬੇਟੇ ਰਜਿੰਦਰ ਸਿੰਘ, ਬੇਟੀ ਹਰਜਿੰਦਰ ਕੌਰ,ਜਵਾਈ ਸ੍ਰ ਗੁਰਨਾਮ ਸਿੰਘ ਟੁਰਨਾ ਅਤੇ ਆਦਿ ਸਮੂਹ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਇਸ ਮੌਕੇ ਸ਼ਰਧਾਂਜਲੀ ਸਮਾਰੋਹ ਚ ਵਿਸ਼ੇਸ਼ ਤੌਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਸ੍ਰ ਅਮਰਜੀਤ ਸਿੰਘ ਬੰਡਾਲਾ, ਜੀ ਸ਼ਰਧਾਂਜਲੀ ਭੇਟ ਕਰਦਿਆਂ ਹੋਇਆਂ ਸ੍ਰ ਮੇਹਰ ਸਿੰਘ ਨੰਬਰਦਾਰ ਜੀ ਨੂੰ ਯਾਦ ਕਰਦਿਆਂ ਹੋਇਆਂ ਪੁਰਾਣੇ ਨੰਬਰਦਾਰਾਂ ਦੀ ਮਹੱਤਤਾ ਬਾਰੇ ਸੰਖੇਪ ਵਿੱਚ ਸੰਗਤਾਂ ਨਾਲ ਵੀਚਾਰ ਸਾਂਝੇ ਕੀਤੇ ਅਤੇ ਇਸ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੂੰ ਯਾਦ ਕਰਦਿਆਂ ਹੋਇਆਂ ਇਸ ਮਹੀਨੇ ਪ੍ਰੀਵਾਰ ਵਿਛੋੜੇ ਬਾਰੇ ਸੰਖੇਪ ਚ ਦੱਸਦਿਆਂ ਹੋਇਆਂ ਬਾਣੀ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਤ ਕੀਤਾ ਅਤੇ ਉਪਰੰਤ ਇਸ ਮੌਕੇ ਰਣਜੀਤ ਸਿੰਘ ਛੱਜਲਵੱਡੀ ਸਾਬਕਾ ਵਿਧਾਇਕ, ਵੱਲੋਂ ਸ੍ਰ ਮੇਹਰ ਸਿੰਘ ਨੰਬਰਦਾਰ ਜੀ ਨਾਲ ਬਤੀਤ ਕੀਤੇ ਸਮੇਂ ਨੂੰ ਯਾਦ ਕਰਦਿਆਂ ਹੋਇਆਂ ਅਤੇ ਸੰਗਤਾਂ ਨਾਲ ਵੀਚਾਰ ਸਾਂਝੇ ਕਰਦਿਆਂ ਹੋਇਆਂ ਸ਼ਰਧਾਂਜਲੀ ਭੇਟ ਕੀਤੀ ੧ ਇਸ ਮੌਕੇ ਸ਼ਨੀ ਸ਼ਰਮਾ ਸਾਬਕਾ ਪ੍ਰਧਾਨ ਨਗਰ ਕੌਂਸਲ ਜੰਡਿਆਲਾ ਗੁਰੂ,ਸਵਿੰਦਰ ਸਿੰਘ ਚੰਦੀ, ਜਥੇਦਾਰ ਅਮੀਰ ਸਿੰਘ, ਸਾਬਕਾ ਸਰਪੰਚ ਐਡਵੋਕੇਟ ਲਖਵਿੰਦਰ ਸਿੰਘ ,ਸਾਬਕਾ ਸਰਪੰਚ ਦਿਲਬਾਗ ਸਿੰਘ ਝੰਡ, ਜਗਮੋਹਨ ਸਿੰਘ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਜੋਗਿੰਦਰ ਸਿੰਘ ਮੋਨੂੰ, ਹਰਦੇਵ ਸਿੰਘ ਫਰਮ, ਬਲਦੇਵ ਸਿੰਘ ਰੇਲਵੇ ਵਾਲੇ,ਬੱਬੂ, ਸਾਬਕਾ ਮੈਂਬਰ ਹਰਦੇਵ ਸਿੰਘ ਕਾਲੂ,ਮਲਕੀਤ ਸਿੰਘ ਕਾਰਪੇਂਟਰ ਠੇਕੇਦਾਰ, ਆਦਿ ਭਾਰੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਵੱਲੋਂ ਗੁਰੂ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ਅਤੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

### ਬੁੱਟਰ ਸਿਵੀਆ ਵਿਖ਼ੇ ਛੱਪੜ ਦੀ ਸਫਾਈ ਤੇ

# ਸ਼ਮਸ਼ਾਨਘਾਟ ਦੇ ਰਸਤੇ ਨੂੰ ਪੱਕਾ ਕਰਨ ਦਾ ਕੰਮ ਸ਼ੁਰੂ



**ਚੌਕ ਮਹਿਤਾ, 17 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਦੀ ਅਗਵਾਈ ਵਿਚ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਬੁੱਟਰ ਸਿਵੀਆ ਵਿਖ਼ੇ ਵਿਕਾਸ ਦੇ ਕੰਮ ਜੰਗੀ ਪੱਧਰ ਤੇ ਸ਼ੁਰੂ ਕਰ ਦਿੱਤੇ ਗਏ ਹਨ, ਆਉਣ ਵਾਲੇ ਸਮੇਂ ਵਿਚ ਪਿੰਡ ਬੁੱਟਰ ਸਿਵੀਆ ਨੂੰ ਵਿਕਾਸ ਪੱਖੋਂ ਨਮੂਮੇ ਦਾ ਪਿੰਡ ਬਣਾਇਆ ਜਾਵੇਗਾ।ਇਹ ਪ੍ਰਗਟਾਵਾ ਸਰਪੰਚ ਪ੍ਰਗਟ ਸਿੰਘ ਬੱਲ ਨੇ ਅੱਜ ਪਿੰਡ ਦੇ ਛੱਪੜ ਦੀ ਸਫਾਈ ਅਤੇ ਸ਼ਮਸ਼ਾਨਘਾਟ ਨੂੰ ਜਾਂਦੇ ਰਸਤੇ ਨੂੰ ਪੱਕਾ ਕਰਨ ਦੇ ਕੰਮ ਸ਼ੁਰੂ ਕਰਵਾਉਣ ਮੌਕੇ ਕੀਤਾ। ਉਨ੍ਹਾਂ ਆਖਿਆ ਕਿ ਸਮੇਂ ਦੀਆਂ ਸਰਕਾਰਾਂ ਨੇ ਪਿਛਲੇ ਕਿ ਦਹਾਕਿਆਂ ਤੋਂ ਇਸ ਛੱਪੜ ਦੀ ਸਫਾਈ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਾਰਨ ਇਹ ਛੱਪੜ ਗੰਦਗੀ ਨਾਲ ਨੱਕੋ ਨੱਕ ਭਰਿਆ ਪਿਆ ਹੈ। ਇਸ ਗੰਦਗੀ ਕਾਰਨ ਕਈ ਭਿਆਨਕ ਬਿਮਾਰੀਆਂ ਫੈਲਣ ਦਾ ਖਤਰਾ ਬਣਿਆ ਹੋਇਆ ਹੈ, ਉਨ੍ਹਾਂ ਆਖਿਆ ਕਈ ਪਿੰਡ ਦੇ ਲੋਕਾਂ ਦੀ ਇਸ ਮੁਸ਼ਿਕਲ ਨੂੰ ਧਿਆਨ ਵਿਚ ਰੱਖਦਿਆਂ ਅੱਜ ਇਸ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਈਆਂ ਹੈ, ਜਿਸ ਨੂੰ ਸੀਮਤ ਸਮੇਂ ਸੰਦਰ ਮੁਕੰਮਲ ਕਰ ਲਿਆਂ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਬਹੁਤ ਜਲਦ ਬੁੱਟਰ ਸਿਵੀਆ ਨੂੰ ਨਮੂਨੇ ਦਾ ਪਿੰਡ ਬਣਾਇਆ ਜਾਵੇਗਾ : ਪ੍ਰਗਟ ਬੱਲ

ਸਰਪੰਚ ਪ੍ਰਗਟ ਸਿੰਘ ਬੱਲ ਨੇ ਦੱਸਿਆ ਕਿ ਇਸੇ ਤਰਾਂ ਪਿੰਡ ਦੇ ਸ਼ਮਸ਼ਾਨਘਾਟ ਨੂੰ ਜਾਣ ਵਾਲਾ ਰਸਤਾ ਵੀ ਮੁੱਦਤਾਂ ਤੋਂ ਕੱਚਾ ਚੱਲਿਆ ਆ ਰਿਹਾ ਸੀ, ਹੁਣ ਇਸ ਰਸਤੇ ਨੂੰ ਕੰਕਰੀਟ ਪਾ ਕੇ ਪੱਕਾ ਕਰਨ ਕੰਮ ਸ਼ੁਰੂ ਕਰ ਦਿੱਤਾ ਹੈ, ਇਹ ਕੰਮ ਵੀ ਬਹੁਤ ਜਲਦ ਪੂਰਾ ਕੀਤਾ ਜਾਵੇਗਾ। ਇਥੇ ਮੌਜੂਦ ਬੀ.ਡੀ.ਪੀ.ਓ. ਕੁਲਵੰਤ ਸਿੰਘ ਨੇ ਆਖਿਆ ਕਿ ਅੱਜ ਪਿੰਡ ਬੁੱਟਰ ਸਿਵੀਆ ਵਿਖ਼ੇ ਇਨਾਂ ਦੋਵਾਂ ਕੰਮਾਂ ਡੀ ਸ਼ੁਰੂ ਕਰਵਾਏ ਗਏ ਹਨ। ਜਿਨਾਂ ਨੂੰ ਸਮਾਬੰਧ ਮੁਕੰਮਲ ਕਰਵਾ ਲਿਆਂ ਜਾਵੇਗਾ।ਇਸ ਮੌਕੇ ਸਰਪੰਚ ਪ੍ਰਗਟ ਸਿੰਘ ਬੱਲ, ਬੀ.ਡੀ.ਪੀ.ਓ. ਕੁਲਵੰਤ ਸਿੰਘ, ਪੰਚਾਇਤ ਸੈਕਟਰੀ ਅਵਤਾਰ ਸਿੰਘ, ਪੰਚਾਇਤ ਸੈਕਟਰੀ ਮੇਵਾ ਸਿੰਘ ਤੋਂ ਇਲਾਵਾ ਸੁਖਦੇਵ ਸਿੰਘ ਪੰਚ, ਅਮਰਜੀਤ ਸਿੰਘ ਪ੍ਰਧਾਨ, ਮਾ. ਬਲਜਿੰਦਰ ਸਿੰਘ ਬੁੱਟਰ, ਗੁਰਪ੍ਰੀਤ ਸਿੰਘ ਪੰਚ, ਹਰਬੰਸ਼ ਸਿੰਘ ਪੰਚ, ਸੈਕਟਰੀ ਸਿਕੰਦਰ ਸਿੰਘ, ਸੁਖਦੇਵ ਸਿੰਘ ਪੰਚ, ਮੇਜਰ ਸਿੰਘ ਪੰਚ, ਹਰਪਾਲ ਸਿੰਘ ਪੰਚ, ਬਲਕਾਰ ਸਿੰਘ ਪੰਚ, ਮਨਜੀਤ ਕੌਰ ਪੰਚ, ਸਾਬਕਾ ਸਰਪੰਚ ਹਿੰਮਤਪਾਰਮਵੀਰ ਸਿੰਘ, ਸੁਖਵਿੰਦਰ ਸਿੰਘ, ਸਰਵਣ ਸਿੰਘ, ਮੋਹਣ ਸਿੰਘ ਬੱਲ ਤੇ ਜਸ਼ਪਾਲ ਸਿੰਘ ਹਾਜਰ ਸਨ।

# ਅੰਮ੍ਰਿਤਸਰ ਪਹੁੰਚਣ ਤੇ ਆਰਟ ਗੈਲਰੀ ਦੇ ਮੈਂਬਰਾਂ ਵੱਲੋਂ ਬਲਵੰਤ ਮਨਕੋਟਿਆ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ, 17 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਰਾਜਪਾਲ ਸੁਲਤਾਨ ਇੰਟਰਨੈਸ਼ਨਲ ਗੈਲਰੀ ਆਫ ਫਾਇਨ ਆਰਟ ਵੱਲੋਂ ਉਘੇ ਚਿੱਤਰਕਾਰ ਰਾਜਪਾਲ ਸੁਲਤਾਨ ਦੀ ਅਗਵਾਈ ਵਿੱਚ ਅੱਜ ਜੰਮੂ ਕਸ਼ਮੀਰ ਵਿਧਾਨ ਸਭਾ ਹਲਕਾ ਚੈਨੇਨੀ ਦੇ ਵਿਧਾਇਕ ਬਲਵੰਤ ਸਿੰਘ ਮਨਕੋਟਿਆਂ ਨੂੰ ਅੰਮ੍ਰਿਤਸਰ ਆਉਣ 'ਤੇ ਹੱਥ ਨਾਲ ਬਣੀ ਪੇਂਟਿੰਗ ਭੇਂਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਐਨ.ਕੇ ਪੁਰੀ,ਕੰਵਲਜੀਤ ਸਿੰਘ ਵਾਲੀਆ,ਪੀ.ਏ ਅਤੁਲ ਮਿਨਹਾਸ,ਪੀ.ਏ ਮੋਹਿੰਦਰ ਰਾਜਪੂਤ ਵੀ ਹਾਜ਼ਰ ਸਨ।ਵਿਧਾਇਕ ਮਨਕੋਟਿਆ ਜਿਹੜੇ ਕਿ ਨਗਰ ਨਿਗਮ ਦੀਆਂ ਚੋਣਾਂ ਲਈ ਭਾਜਪਾ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਲਈ ਅੰਮ੍ਰਿਤਸਰ ਆਏ ਸਨ ਨੇ ਗੈਲਰੀ ਆਫ ਫਾਇਨ ਆਰਟ ਦੇ ਮੈਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਲਾਂ ਨੂੰ ਅਸੀ ਕਿਸੇ ਸਰਹੰਦ ਜਾਂ ਦੇਸ਼ ਵਿੱਚ ਕੈਦ ਨਹੀਂ ਕਰ ਸਕਦੇ ਇਸਦੀ ਖ਼ੁਸ਼ਬੋ ਸਾਰੇ ਵਿਸ਼ਵ ਅਤੇ ਬ੍ਰਾਂਹਮੰਡ ਤੱਕ ਅਪਣੇ ਆਪ ਫੈਲ ਜਾਂਦੀ ਹੈ।ਉਨ੍ਹਾਂ ਰਾਜਪਾਲ ਸੁਲਤਾਨ ਵੱਲੋਂ ਹਰ ਸਾਲ ਜੰਮੂ ਕਸ਼ਮੀਰ ਮਾਧੋਪੁਰ ਵਿਖੇ ਸ਼੍ਰੀ ਅਮਰਨਾਥ ਯਾਤਰਾ ਦੇ ਸ਼ਰਧਾਲੂਆਂ ਲਈ ਲਗਾਏ ਜਾਂਦੇ ਭੰਡਾਰੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸੇਵਾ ਵੀ ਪ੍ਰਮਾਤਮਾ ਕਿਸੇ ਕਿਸੇ ਨੂੰ ਸੌਂਪਦਾ ਹੈ.ਇਸ ਮੌਕੇ ਰਾਜਪਾਲ ਸੁਲਤਾਨ ਨੇ ਵਿਧਾਇਕ ਮਨਕੋਟਿਆ ਦਾ ਗੁਰੂਆਂ,ਪੀਰਾਂ,ਫਕੀਰਾਂ,ਦੇਵੀ-ਦੇਵਤਿਆਂ ਦੀ ਪਵਿੱਤਰ ਧਰਤੀ ਸ਼੍ਰੀ ਅੰਮ੍ਰਿਤਸਰ ਪਹੁੰਚਣ 'ਤੇ ਨਿੱਘਾ ਸੁਆਗਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਜਗਤਾਰ ਸਿੰਘ ਜੱਗੀ ਜੌਹਲ ਨੂੰ ਘਰ ਲਿਆਉਣ ਲਈ ਈ ਪਟਿਸ਼ਨ ਅਰਜ਼ੀ 'ਤੇ ਦਸਤਖਤ ਮੁਹਿੰਮ

## ਦਸਤਖ਼ਤੀ ਮੁਹਿੰਮ ਪੂਰੀ ਹੋਣ ਤੇ ਯੂਕੇ ਸੰਸਦ ਅੰਦਰ ਹੋਵੇਗੀ ਬਹਿਸ

ਨਵੀਂ ਦਿੱਲੀ 17 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਭਾਰਤ ਵਿੱਚ ਮਨਮਾਨੇ ਢੰਗ ਨਾਲ ਨਜ਼ਰਬੰਦ ਕੀਤੇ ਗਏ ਬ੍ਰਿਟਿਸ਼ ਨਾਗਰਿਕਾਂ ਦੀ ਰਿਹਾਈ ਅਤੇ ਵਾਪਸੀ ਨੂੰ ਸੁਰੱਖਿਅਤ ਕਰਣ ਲਈ ਮਾਮਲੇ ਨੂੰ ਯੂਕੇ ਸੰਸਦ ਅੰਦਰ ਬਹਿਸ ਕਰਣ ਲਈ ਸਿੱਖ ਫੈਡਰੇਸ਼ਨ ਯੂਕੇ ਵਲੋਂ ਯੂਕੇ ਦੀਆਂ ਸਿੱਖ ਜੱਥੇਬੰਦੀਆਂ ਦੇ ਸਹਿਯੋਗ ਨਾਲ ਈ ਪਟੀਸ਼ਨ ਤੇ ਦਸਤਖਤ ਕਰਵਾਉਣ ਲਈ ਮੁਹਿੰਮ ਛੇੜੀ ਗਈ ਹੈ ।



ਫੈਡਰੇਸ਼ਨ ਦੇ ਬੀ ਪੀ ਓ ਭਾਈ ਦਬਿੰਦਰਜੀਤ ਸਿੰਘ ਨੇ ਦਸਿਆ ਕਿ ਜੱਗੀ ਜੋਹਲ ਨੂੰ ਬਿਨਾਂ ਕਿਸੇ ਸਬੂਤਾਂ ਤੋਂ ਭਾਰਤ ਦੀ ਤਿਹਾੜ ਜੇਲ੍ਹ ਅੰਦਰ ਬੰਦ ਕੀਤਾ ਹੋਇਆ ਹੈ ਇਸ ਲਈ ਅਸੀ ਇਕ ਦਸਤਖ਼ਤੀ ਮੁਹਿੰਮ ਸ਼ੁਰੂ ਕੀਤੀ ਹੈ ਜਿਸ ਲਈ ਕਿਰਪਾ ਕਰਕੇ ਇਹ ਯਕੀਨੀ ਬਣਾਓ ਕਿ ਤੁਹਾਡੇ ਪਰਿਵਾਰ ਦੇ ਸਾਰੇ ਮੈਂਬਰ (ਭਾਵੇਂ ਕੋਈ ਵੀ ਹੋਵੇ) ਉਮਰ) ਪਟੀਸ਼ਨ 'ਤੇ ਦਸਤਖਤ ਕਰੋ। ਇੱਕ ਈਮੇਲ ਪਤਾ ਸਿਰਫ਼ ਦੋ ਦਸਤਖਤਾਂ ਲਈ ਵਰਤਿਆ ਜਾ ਸਕਦਾ ਹੈ। ਆਪਣੇ ਦਸਤਖਤ ਨੂੰ ਪ੍ਰਮਾਣਿਤ ਕਰਨਾ ਯਾਦ ਰੱਖੋ ਤਾਂ ਜੋ ਇਹ ਤੁਹਾਡੀ ਈਮੇਲ ਦੀ ਜਾਂਚ ਕਰਨ ਅਤੇ ਈਮੇਲ ਵਿੱਚ ਦਿੱਤੇ ਲਿੰਕ 'ਤੇ ਕਲਿੱਕ ਕਰਨ ਦੁਆਰਾ ਗਿਣਿਆ ਜਾਵੇ। ਲਿਖਤੀ ਰੂਪ ਵਿੱਚ ਜਵਾਬ ਦੇਣ ਅਤੇ ਜਗਤਾਰ ਸਿੰਘ ਜੌਹਲ ਨੂੰ ਉਨ੍ਹਾਂ ਦੇ ਪਰਿਵਾਰ ਕੋਲ ਘਰ ਲਿਆਉਣ ਲਈ ਦਬਾਅ ਬਣਾਉਣਾ ਹੈ। ਉਨ੍ਹਾਂ ਦਸਿਆ ਕਿ ਇਹ ਪਟੀਸ਼ਨ 6 ਮਹੀਨਿਆਂ ਲਈ ਖੁੱਲੀ ਰਹੇਗੀ ਅਤੇ ਜੇਕਰ ਅਸੀਂ 100,000 ਦਸਤਖਤ ਪ੍ਰਾਪਤ ਕਰ ਲੈਂਦੇ ਹਾਂ ਤਾਂ ਅਸੀਂ ਸੰਸਦ ਵਿੱਚ ਖਾਸ ਤੌਰ 'ਤੇ ਭਾਰਤੀ ਜੇਲ੍ਹਾਂ ਵਿੱਚ ਮਨਮਾਨੇ ਤੌਰ 'ਤੇ ਨਜ਼ਰਬੰਦ ਕੀਤੇ ਗਏ ਬ੍ਰਿਟਿਸ਼ ਨਾਗਰਿਕਾਂ ਅਤੇ ਭਾਰਤ ਸਰਕਾਰ ਦੁਆਰਾ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾ ਰਹੇ ਅੰਤਰ-ਰਾਸ਼ਟਰੀ ਜਬਰ ਬਾਰੇ ਸੰਸਦ ਵਿੱਚ ਬਹਿਸ ਕਰਵਾਉਣ ਦੇ ਯੋਗ ਹੋ ਜਾਵਾਂਗੇ। ਉਨ੍ਹਾਂ ਵਲੋਂ ਸਮੁਚੇ ਸਿੱਖ ਪੰਜਾਬੀ ਭਾਈਚਾਰੇ ਦੇ ਨਾਲ ਵਡੀ ਗਿਣਤੀ ਅੰਦਰ ਮਨੁੱਖੀ ਹਕਾਂ ਲਈ ਆਵਾਜ਼ ਬੁਲੰਦ ਕਰ ਰਹੇ ਕਾਰਕੁਨ੍ਹਾਂ ਵਲੋਂ ਇਸ ਪਟੀਸ਼ਨ ਨੂੰ ਸਾਈਨ ਕਰਣ ਦੀ ਅਪੀਲ ਕੀਤੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਭਾਰਤੀ ਹਨ, ਆਪਣੀ ਮਰਜ਼ੀ ਨਾਲ, ਸੰਜੋਗ ਨਾਲ ਨਹੀਂ: ਵਿਕਰਮਜੀਤ ਸਿੰਘ ਸਾਹਨੀ

**ਨਵੀਂ ਦਿੱਲੀ 17 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਭਾਰਤੀ ਸੰਵਿਧਾਨ ਬਾਰੇ ਬੋਲਦੇ ਹੋਏ ਕਿਹਾ ਕਿ ਸਾਨੂੰ ਉਸ ਸਮੁੱਚੇ ਸਿੱਖ ਭਾਈਚਾਰੇ ਦਾ ਧੰਨਵਾਦ ਕਰਨਾ ਚਾਹੀਦਾ ਹੈ ਜਿਨ੍ਹਾਂ ਨੇ ਵੰਡ ਦੌਰਾਨ ਭਾਰਤ ਦੀ ਖ਼ਾਤਰ 10 ਲੱਖ ਤੋਂ ਵੱਧ ਜਾਨਾਂ ਗੁਆ ਕੇ ਸਭ ਤੋਂ ਵੱਧ ਦੁੱਖ ਝੱਲੇ।ਡਾ.ਸਾਹਨੀ ਨੇ ਕਿਹਾ ਕਿ ਇਹ ਇੱਕ ਇਤਿਹਾਸਕ ਤੱਥ ਹੈ ਕਿ ਸੰਵਿਧਾਨ ਵਿੱਚ ਸਿੱਖਾਂ ਨੂੰ ਵਿਸ਼ੇਸ਼ ਦਰਜਾ ਦੇਣ ਦਾ ਵਾਅਦਾ ਕੀਤਾ ਗਿਆ ਸੀ। ਉਨ੍ਹਾਂ ਇਹ ਵੀ ਕਿਹਾ ਕਿ ਸਿੱਖ ਆਪਣੀ ਇੱਛਾ ਨਾਲ ਭਾਰਤੀ ਹਨ, ਸੰਜੋਗ ਨਾਲ ਨਹੀਂ। ਡਾ. ਸਾਹਨੀ ਨੇ ਸੰਵਿਧਾਨ ਵਿੱਚ ਦਰਜ ਆਪਣੇ ਧਰਮ ਦੀ ਪਾਲਣਾ ਕਰਨ ਦੇ ਅਧਿਕਾਰ ਲਈ ਆਪਣੀ ਆਵਾਜ਼ ਬੁਲੰਦ ਕੀਤੀ ਅਤੇ ਕਿਹਾ ਕਿ ਇਸ ਸਬੰਧ ਵਿੱਚ ਸਭ ਤੋਂ ਵੱਡੀ ਕੁਰਬਾਨੀ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਦਿੱਤੀ ਸੀ।ਉਹਨਾ ਸਦਨ ਨੂੰ ਯਾਦ ਦਿਵਾਇਆ ਕਿ ਸਮੁੱਚੀ ਰਾਏਸੀਨਾ ਪਹਾੜੀਆਂ ਜਿੱਥੇ ਨੌਰਥ ਬਲਾਕ, ਸਾਊਥ ਬਲਾਕ, ਰਾਸ਼ਟਰਪਤੀ ਭਵਨ ਅਤੇ ਸੰਸਦ ਭਵਨ ਸਥਿਤ ਹਨ, ਅਸਲ ਵਿੱਚ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦਾ ਹਿੱਸਾ ਸੀ ਜੋ ਕਿਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਯਾਦ ਵਿੱਚ ਬਣਾਇਆ ਗਿਆ ਹੈ। ਡਾ. ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ ਹਾਲੀਆ ਸਮੇਂ ਵਿੱਚ ਧਾਰਮਿਕ ਸਥਾਨਾਂ ਨੂੰ ਮੁੜ ਪ੍ਰਾਪਤ ਕਰਨ ਦੀਆਂ ਘਟਨਾਵਾਂ ਸਹਿਣਸ਼ੀਲਤਾ ਦੀ ਭਾਵਨਾ ਲਈ ਖ਼ਤਰਾ ਪੈਦਾ ਕਰ ਰਹੀਆਂ ਹਨ। ਅਤੀਤ ਨੂੰ ਕੁਰੇਦਣਾ ਵਿਅਰਥ ਹੈ ਅਤੇ ਸਾਨੂੰ 15 ਅਗਸਤ, 1947 ਦੀ ਸਥਿਤੀ ਅਨੁਸਾਰ ਸਾਰੇ ਧਾਰਮਿਕ ਸਥਾਨਾਂ ਦੀ ਸਥਿਤੀ ਜਿਉਂ ਦੀ ਤਿਉਂ ਬਣਾਈ ਰੱਖਣੀ ਚਾਹੀਦੀ ਹੈ।ਡਾ.ਸਾਹਨੀ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਸੰਵਿਧਾਨ 'ਤੇ ਚਰਚਾ ਤਦ ਤੱਕ ਪੂਰੀ ਨਹੀਂ ਹੋ ਸਕਦੀ ਜਦ ਤੱਕ ਸੰਵਿਧਾਨ ਦੀ ਪ੍ਰਸਤਾਵਨਾ ਵਿਚਲੀ ਅਨੁਸਾਰ, ਸਮਾਜਿਕ ਅਤੇ ਆਰਥਿਕ ਨਿਆਂ ਦੇ ਹਿੱਸੇ ਵਜੋਂ ਗਰੀਬ ਕਿਸਾਨਾਂ ਦੀਆਂ ਚਿੰਤਾਵਾਂ ਨੂੰ ਤੁਰੰਤ ਹੱਲ ਨਹੀਂ ਕੀਤਾ ਜਾਂਦਾ। ਡਾ. ਸਾਹਨੀ ਨੇ ਕਿਹਾ ਕਿ ਸੰਵਿਧਾਨ ਦੇ ਅਨੁਛੇਦ 243 ਦੇ ਅਨੁਸਾਰ ਗ੍ਰਾਮ ਸਭਾਵਾਂ ਅਤੇ ਪੰਚਾਇਤਾਂ ਨੂੰ ਸਸ਼ਕਤ ਬਣਾਉਣ ਲਈ ਸੱਤਾ ਦਾਵਿਕੇਂਦਰੀਕਰਨ ਹੋਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸੰਘ ਅਤੇ ਰਾਜਾਂ ਵਿਚਕਾਰ ਸਬੰਧਾਂ ਨਾਲ ਸਬੰਧਤ ਅਨੁਛੇਦ 245 ਅਨੁਸਾਰ, ਸਹਿਕਾਰੀ ਸੰਘਵਾਦ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸੰਘ ਸਾਰੇ ਰਾਜਾਂ ਵਿਚਕਾਰ ਬਿਨਾਂ ਕਿਸੇ ਭੇਦਭਾਵ ਦੇ ਸਰੋਤਾਂ ਦੀ ਬਰਾਬਰ ਵੰਡ ਦੇਵੇ।



ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਾਂਤੀ ਸਮਾਰੋਹ ਤੋਂ ਹਜ਼ਾਰੋ ਦੇਖ ਮਗਰ ਬਹੁਤ ਕੰਮ ਦੇਖੇ ਜਹਾ ਲਿਖ ਕਰ ਯਾਬੋਲ ਕਰ ਨਹੀਂ

# ਆਖੋਂ ਮੇ ਹਰ ਬਸਰਨੇ ਆਸੂ ਬਹਾ ਭਰੇ ਦਿਲਸੇ







**ਫ਼ਿਰੋਜ਼ਪੁਰ, 17 ਦਸੰਬਰ (ਮਨੋਹਰ ਲਾਲ) :—** ਕੌਣ ਕਹਿੰਦਾ ਲੜਕੀਆਂ ਰਸਮਾਂ ਅਦਾ ਨਹੀਂ ਕਰ ਸਕਦੀਆਂ, ਅੰਤਿਮ ਸਵਾਸ ਤੋਂ ਅੰਤਮ ਅਰਦਾਸ ਬਲਕਿ ਉਨ੍ਹਾਂ ਦੇ ਵੇਦਾਂ ਸਾਸ਼ਤਰਾਂ ਦੇ ਮੰਤਰਾਂ ਦੇ ਗੁਣ ਗਾਣ ਨਾਲ ਅਵਨ ਕਰਵਾ ਸਪੁਤਰੀਆਂ ਪਰਿਵਾਰ, ਸਿਹਤ ਪਿਤਾ ਨਾਲ ਮੋਢੇ ਨਾਲ ਮੋਢਾ ਜ਼ੋੜ ਅਦਾ ਕਰ ਲੜਕੀ ਲੜਕਾ ਇਕ ਸਮਾਨ ਬੇਟੀ ਬਚਾਓ ਬੇਟੀ ਪੜਾਓ ਨੂੰ ਅਮਲੀ ਜਾਮਾ ਪਹਿਨਾ ਉਦੇ ਸਭ ਸੰਗਤਾਂ ਦਾ ਧੰਨਵਾਦ ਕੀਤਾ। ਅੱਖਾਂ ਵਿਚ ਆਸੂ ਚਿਹਰੇ ਤੇ ਉਦਾਸੀ ਲੈ ਕੇ ਸ਼ਰਧਾ ਦੇ ਫੁੱਲ ਲੈ ਕੇ ਗਏ ਦਿਵੰਗਤ ਆਤਮਾ ਤੋਂ ਚਿਹਰੇ ਤੇ ਰੌਣਕ ਬੁਲਾਂ ਤੇ ਹਾਸਾ ਅੱਖਾਂ ਵਿਚ ਨੂਰ ਜੀਵਨ ਸਾਥੀ ਪੀ.ਸੀ ਕੁਮਾਰ ਤੋਂ ਮੁਸਕਰਾਹਟ ਅਧੂਰੇ ਛੱਡ ਗਏ ਕੰਮਾਂ ਨੂੰ ਪੂਰੇ ਕਰਨ ਦੀ ਆਸ। ਅੱਜ ਸ੍ਰੀਮਤੀ ਦਰਸ਼ਨਾ ਦੇਵੀ ਸੁਪਤਨੀ ਸ੍ਰੀ ਪੀ.ਸੀ ਕੁਮਾਰ ਤੁਛ ਜਿਹਾ ਸਮਾਜ ਸੇਵਕ ਦੀ ਅੰਤਮ ਅਰਦਾਸ ਵਿਚ ਜਿਆਦਾ ਤਰ ਢੰਗੋਰੀ ਦੇ ਸਹਾਰੇ ਜਾ ਕਿਸੇ ਨਾ ਕਿਸੇ ਦੀ ਮੱਦਦ ਨਾਲ ਪਹੁੰਚੇ ਲਿਖਤੀ ਜਾਂ ਬੋਲ ਕੇ ਨਹੀਂ ਬਲਕਿ ਚਿਹਰੇ ਤੇ ਉਦਾਸੀ ਅੱਖਾਂ ਵਿਚ ਆਸੂ ਬਹਾਮ ਦੇ ਫੁਲ ਭੇਂਟ ਕਰਦੇ ਹੋਏ ਫੋਟੋ ਨਹੀਂ ਜਿਉਂਦੀ ਜਾਗਦੀ ਚੇਹਰੇ ਤੇ ਨੂਰ ਅੱਖਾਂ ਵਿਚ ਰੋਸ਼ਨੀ ਰੌਂਦਿਆਂ ਨੂੰ ਹਸਾਉਂਦੀ ਸਬੂਤ ਜੀਵਨ ਸਾਥੀ ਪੀ.ਸੀ ਕੁਮਾਰ ਦੇ ਚਿਹਰੇ ਤੇ ਮੁਸਕਰਾਹਟ ਅੱਖਾਂ ਵਿਚ ਨੂਰ ਮੁਖੜੇ ਤੋਂ ਹਾਸਾ ਜ਼ੋ ਰੱਬ ਕੀਤਾ ਚੰਗਾ ਕੀਤਾ, ਸੁਣ ਹਸੋ ਔਰ ਹਸਾਓ ਦਾ ਸੰਦੇਸ਼ ਜਾਂਦੇ ਹੋਈਆਂ ਦੇ ਕੇ ਗਈ ਸੁਨੇਹਾ ਦਸ ਖੁਦ ਹਸੋ ਦੂਜਿਆਂ ਨੂੰ ਹਸਾਉ ਅਮਲੀ ਜਾਮਾ ਫੈਲਾਉਣ ਦਾ ਸਾਡੀ ਮਜਰਾ ਤੇ ਰਹਿੰਦੀ ਜਿੰਦਗੀ ਘਰ—ਘਰ, ਸਕੂਲ—ਸਕੂਲ ਭਾਵ ਹਰ ਦਾਇਰੇ ਵਿਚ ਫੁਲਾਉਣ ਦਾ ਪ੍ਰਣ ਲੈ ਉਸੇ ਦਿਨ ਬੜੇ ਜ਼ੋਰ ਸ਼ੋਰ ਨਾਲ ਸੁਭਾ ਦੀਆਂ ਸਭਾਵਾਂ ਵਿਚ ਜੰਗੀ ਪੱਧਰ ਤੇਚਾਲੂ ਕਰ ਇਨ੍ਹਾਂ ਸਜਣਾਂ ਜਿਹੜੇ ਚਿਹਰਾ ਦਿਖਾਉਣ ਆਏ ਦੁਨਿਆਦਾਰੀ ਨਿਭਾਉਣ ਫਾਰਮੈਲਟੀ ਕਰ ਵਾਹ—ਵਾਹ ਖਟਣ ਵਾਲੇ ਨਹੀਂ ਬਲਕਿ ਜਾਨ ਵਾਲੀਆਂ ਆਤਮਾ ਦੇ ਜਨਮ ਤੋਂ ਅੰਤ ਤੱਕ ਦੀ ਕਹਾਣੀ ਕਰਨੀ ਤੇ ਕਥਨੀ ਨੂੰ ਅੱਖਾਂ ਅੱਗੇ ਲਿਆ ਅੱਖਾਂ ਵਿਚ ਪਾਣੀ ਨਹੀਂ ਦਿਲਾਂ ਦੀਆਂ ਗਹਿਰਾਈਆਂ ਵਿਚੋਂ ਦਰਦ ਦੇ ਅਥਰੂ ਬਹਾ ਕੀਤੇ ਕੰਮਾਂ ਨੂੰ ਯਾਦ ਕਰਕੇ ਪਾਏ ਹੋਏ ਪੂਰਨਿਆਂ ਤੇ ਚੱਲਣ ਦਾ ਪ੍ਰਣ ਲੈ ਰੌਂਦੇ ਹੋਇਆ ਨੂੰ ਖੁਦ ਹਸੋ ਦੂਜਿਆਂ ਨੂੰ ਹਸਾਓ ਦਾ ਅਮਲੀ ਜਾਮਾ ਪਹਿਨ ਖੁਦ ਸੁਧਰੋ ਪਰਿਵਾਰ ਸਮਾਜ, ਦੇਸ਼ ਦੁਨਿਆ ਖੁਦ ਬ ਖੁਦ ਸੁਧਰ ਜਾਵੇਗੀ, ਆਨੰਦ ਮਾਣੋ ਵਡਭਾਗਿਆ ਸਰਾਲ ਮਨੋਰ ਖਪੂਰੇ ਕਰ ਗਈ ਇਸ ਦਿਵਗੰਤ ਆਤਮਾ ਦੀ ਸ਼ਾਂਤੀ ਸ਼ਰਧਾ ਪ੍ਰਮਖੁਦ ਹਸੋ ਦੂਜਿਆਂ ਨੂੰ ਹਸਾਓ ਤੇ ਅਮਲ ਕਰੋ ਤੇ ਕਰਾਓ ਅੱਖੀਂ ਦੇਖਿਆ ਦਾ ਹਾਲ ਪ੍ਰਗਟ ਕਰਕੇ ਆਪਣੀ ਕਲਮ ਨਾਲ ਲਿਖਦੇ ਹੋਏ ਮਨੋਹਰ ਲਾਲ ਪੱਤਰਕਾਰ ਇਹ ਕੋਈ ਸੁਨੀ ਸੁਣਾਈ ਨਹੀਂ ਅਖੀ ਦੇਖਿਆ ਦਾ ਹਾਲ ਹੈ, ਜ਼ੋ ਸ਼ੋਕ ਸਭਾ ਨਾ ਰਹਿ ਇਕ ਸੰਤ ਸੰਮੇਲਨ ਬਣ ਕੇ ਰਹਿ ਗਈ ਤੇ ਫ਼ਿਰੋਜ਼ਪੁਰ ਤੇ ਇਤਿਹਾਸ ਵਿਚ ਵਿਛੜਿਆਂ ਨੂੰ ਹਰ ਪ੍ਰਭ ਮੇਲੇ ਅਖੀ ਵੇਖਿਆ ਗਿਆ ਦ੍ਰਿਸ਼।

### ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਨੇ

# ਪੈਨਸ਼ਨ ਦਿਵਸ ਮਨਾਇਆ



ਫ਼ਿਰੋਜ਼ਪੁਰ, 17 ਦਸੰਬਰ (ਮਨੋਹਰ ਲਾਲ) :— ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਯੂਨਿਟ ਫਿਰੋਜਪੁਰ ਨੇ ਨਾਦਰਨ ਰੇਲਵੇ ਮੇਨਜ ਯੂਨੀਅਨ ਦਫਤਰ ਫਿਰੋਜਪੁਰ ਵਿਖੇ ਪੈਨਸ਼ਨ ਡੇ ਮਨਾਇਆ। ਇਸ ਪੈਨਸ਼ਨ ਡੇ ਦੇ ਸਮਾਗਮ ਵਿੱਚ ਪੰਜਾਬ ਤੇ ਕੇਂਦਰ ਸਰਕਾਰ ਸਰਕਾਰ ਦੇ ਵੱਖ—ਵੱਖ ਵਿਭਾਗਾਂ ਤੋਂ ਸੇਵਾ ਮੁਕਤ ਹੋਏ ਪੈਨਸ਼ਨ ਸ਼ਾਮਿਲ ਹੋਏ ਅਤੇ ਇਸ ਤੋਂ ਇਲਾਵਾ ਨਾਰਦਨ ਰੇਲਵੇ ਮੇਨਜ ਯੂਨੀਅਨ ਦੇ ਮੁਲਾਜ਼ਮ ਆਗੂ ਤੇ ਪੈਨਸ਼ਨ ਆਗੂ ਸ਼ਾਮਿਲ ਹੋਏ। ਇਸ ਸਮਾਗਮ ਮੌਕੇ ਬੋਲਦਿਆਂ ਯੂਨਿਟ ਪ੍ਰਧਾਨ ਗੁਰਨਾਮ ਸਿੰਘ ਸੁਧਾਰਾ, ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ, ਵਿੱਤ ਸਕੱਤਰ ਮਿਹਰ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਪ੍ਰਤਾਪ ਸਿੰਘ ਢਿੱਲੋਂ, ਬਲਵੀਰ ਸਿੰਘ ਕੰਬੋਜ, ਤਰਸੇਮ ਬੇਦੀ, ਵਿਜੇ ਗੱਖੜ, ਤ੍ਰਿਲੋਕ ਸਿੰਘ ਨੌਰਦਨ ਰੇਲਵੇ ਮੈਨਜ ਯੂਨੀਅਨ ਦੇ ਆਗੂ ਸੁਭਾਸ਼ ਸ਼ਰਮਾ ਤੇ ਪੈਨਸ਼ਨ ਆਗੂ ਸੁਰਿੰਦਰ ਸਿੰਘ ਨੇ ਪੈਨਸ਼ਨਾਂ ਨੂੰ ਆ ਰਹੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਲਈ ਆਪਣੇ ਵਿਚਾਰ ਦਿੱਤੇ। ਆਗੂਆਂ ਨੇ ਕਿਹਾ ਕਿ ਦੇਸ਼ ਦੀ ਸਰਬ ਉੱਚ ਅਦਾਲਤ ਵੱਲੋਂ 17 ਦਸੰਬਰ 1982 ਨੂੰ ਸੇਵਾ ਮੁਕਤ ਮੁਲਾਜ਼ਮਾ ਨੂੰ ਪੈਨਸ਼ਨ ਦੇਣ ਦੀ ਉਚਿੱਤਤਾ ਬਾਰੇ ਇੱਕ ਇਤਿਹਾਸਿਕ ਫੈਸਲਾ ਸੁਣਾਇਆ ਸੀ ਅਤੇ 1983 ਤੋਂ ਦੇਸ਼ ਭਰ ਦੇ ਪੈਨਸ਼ਨਰਾਂ ਵੱਲੋਂ ਪੈਨਸ਼ਨ ਦਿਵਸ ਬੜੇ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ, ਇਸ ਦਿਨ ਪੈਨਸ਼ਨ ਆਪਣੇ ਸੰਗਠਨਾਂ ਵੱਲੋਂ ਕੀਤੀਆਂ ਸਰਗਰਮੀਆਂ ਦਾ ਲੇਖ ਜੋਖਾ ਵੀ ਕਰਦੇ ਹਨ। ਅੱਜ ਦੇ ਇਸ ਸਮਾਗਮ ਵਿੱਚ 75 ਸਾਲ ਤੋਂ ਵੱਧ ਉਮਰ ਦੇ ਸਾਥੀ ਤਰਲੋਕ ਸਿੰਘ, ਪਿਆਰਾ ਸਿੰਘ ਤੇ ਦਰਸ਼ਨ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਬੂਟਾ ਸਿੰਘ, ਰਾਮ ਪ੍ਰਸਾਦ, ਡਮਰ ਬਹਾਦਰ, ਸਤਨਾਮ ਸਿੰਘ, ਰਮੇਸ਼ ਕੁਮਾਰ ਭੱਟੀ, ਦੀਵਾਨ ਚੰਦ ਸੁਖੀਜਾ, ਸਰਜੀਤ ਸਿੰਘ, ਰਨਬੀਰ ਸਿੰਘ ਕੁੱਕੂ, ਜੋਗਿੰਦਰ ਸਿੰਘ, ਪ੍ਰੀਤਮ ਸਿੰਘ, ਬਿਕਰ ਸਿੰਘ, ਕਰਮ ਸਿੰਘ, ਲਾਜਵੰਤੀ, ਪਵਨ ਕੁਮਾਰ, ਮੱਸਾ ਸਿੰਘ, ਬਲਕਾਰ ਸਿੰਘ ਮਾੜੀ ਮੇਘ, ਨੰਦ ਲਾਲ, ਬਿੱਕਰ ਸਿੰਘ, ਪ੍ਰਹਲਾਦ ਭਗਤ ਚੰਨਨ ਸਿੰਘ ਆਦਿ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਵਿਸਾਖੀ ਮੌਕੇ ਨਨਕਾਣਾ ਸਾਹਿਬ ਜਾਣ ਵਾਲੇ ਯਾਤਰੂ ਆਪਣੇ ਪਾਸਪੋਰਟ ਕਰਵਾਉਣ ਜਮ੍ਹਾਂ



**ਫ਼ਿਰੋਜ਼ਪੁਰ, 17 ਦਸੰਬਰ (ਮਨੋਹਰ ਲਾਲ) :—** ਵਿਸਾਖੀ ਮੌਕੇ ਨਨਕਾਣਾ ਸਾਹਿਬ ਯਾਤਰਾ ਤੇ ਜਾਣ ਵਾਲੇ ਯਾਤਰੂ ਆਪਣੇ ਪਾਸਪੋਰਟ 15 ਜਨਵਰੀ ਤੱਕ ਰਬਾਬੀ ਭਾਈ ਮਰਦਾਨਾ ਯਾਤਰਾ ਕਮੇਟੀ ਨੂੰ ਦੇਣ। ਇਹ ਜਾਣਕਾਰੀ ਸਾਂਝੀ ਕਰਦਿਆਂ ਰਬਾਬੀ ਭਾਈ ਮਰਦਾਨਾ ਯਾਦਗਾਰ ਕਮੇਟੀ ਦੇ ਆਗੂ ਜਗਜੀਤ ਸਿੰਘ ਭੁੱਲਰ, ਰਨਬੀਰ ਸਿੰਘ ਰਾਣਾ, ਪਰਮਜੀਤ ਸਿੰਘ ਪੰਮਾ ਅਤੇ ਨਿਰਮਲ ਸਿੰਘ ਨੇ ਕਿਹਾ ਕਿ ਪਾਕਿ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿ ਜਾਣ ਵਾਲੇ ਯਾਤਰੂ ਆਪਣੇ ਪਾਸਪੋਰਟ ਸਮੇਤ ਫੋਟੋਆਂ ਅਤੇ ਮੋਬਾਇਲ ਨੰਬਰ ਸੁਸਾਇਟੀ ਦੇ ਦਫਤਰ ਵਿਚ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਯਾਤਰਾ ਵਿੱਚ ਗੁਰਦੁਆਰਾ ਪੰਜਾ ਸਾਹਿਬ, ਗੁਰਦੁਆਰਾ ਨਨਕਾਣਾ ਸਾਹਿਬ, ਗੁਰਦੁਆਰਾ ਕਰਤਾਰਪੁਰ ਸਾਹਿਬ, ਗੁਰਦੁਆਰਾ ਸੱਚਾ ਸੌਦਾ ਸਾਹਿਬ, ਗੁਰਦੁਆਰਾ ਰੋੜੀ ਸਾਹਿਬ, ਗੁਰਦੁਆਰਾ ਜਨਮ ਅਸਥਾਨ ਸ੍ਰੀ ਗੁਰੂ ਰਾਮਦਾਸ ਜੀ, ਗੁਰਦੁਆਰਾ ਡੇਰਾ ਸਾਹਿਬ ਲਾਹੌਰ ਅਤੇ ਹੋਰ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਯਾਤਰੂ ਆਪਣੇ ਪਾਸਪੋਰਟ ਦੋ ਫੋਟੋਆਂ ਮੋਬਾਇਲ ਨੰਬਰ ਸਮੇਤ ਬਗਦਾਦੀ ਗੇਟ ਫਿਰੋਜ਼ਪੁਰ ਸ਼ਹਿਰ ਸ਼ਹਿਰ ਵਿਖੇ ਜਮਾ ਕਰਵਾ ਸਕਦੇ ਹਨ ਅਤੇ ਸੁਸਾਇਟੀ ਆਗੂਆਂ ਦੇ 88377 50008 ਤੇ 9814511007 ਨੰਬਰਾਂ ਉਪਰ ਵੀ ਸੰਪਰਕ ਕਰ ਸਕਦੇ ਹਨ।

### ਕਹਾਣੀ

# ਤਾਈ ਦੀ ਯਾਦ

ਸਕੂਲ ਤੋਂ ਛੁੱਟੀ ਹੋਣ ਉਪਰੰਤ, ਜਦੋਂ ਮੈਂ ਆਪਣਾ ਭਾਰਾ ਬਸਤਾ ਚੁੱਕ ਕੇ ਘਰ ਜਾ ਰਿਹਾ ਹੁੰਦਾ ਸੀ, ਤਾਂ ਰਸਤੇ ਵਿੱਚ ਮੈਨੂੰ ਹਮੇਸ਼ਾ ਤਾਈ ਮਿਲਦੀ। ਉਹ ਬਜੁਰਗ ਬੀਬੀ ਹਮੇਸ਼ਾ ਮਸਖਰੀ ਕਰਦੀ। ਉਹ ਆਵਾਜ਼ ਮਾਰ ਕੇ ਕਹਿੰਦੀ, "ਤੇਜਿਆਂ , ਦਮ ਲਿਆ, ਬਸਤਾ ਭਾਰੀ ਤੇਰਾ। ਇੱਥੇ ਰੱਖ ਦੇ, ਤੇਰਾ ਬਾਪੂ ਲੈ ਜਾਵੇਗਾ।" ਪਰ ਮੈਂ ਹਮੇਸ਼ਾ ਹੱਸ ਕੇ ਜਵਾਬ ਦਿੰਦਾ, "ਤਾਈ, ਰਸਤਾ ਤਾਂ ਥੋੜ੍ਹਾ ਜਿਹਾ ਰਹਿ ਗਿਆ। ਮੈਂ ਆਪ ਲੈ ਜਾਵਾਂਗਾ।÷

ਸਾਡੇ ਗੁਆਂਢ ਵਿੱਚ ਸਾਰੇ ਉਸਨੂੰ ਤਾਈ ਆਖਦੇ ਸਨ। ਉਹ ਇੱਕ ਸਧਾਰਨ ਜਿਮੀਦਾਰ ਪਰਿਵਾਰ ਦੀ ਸੀ ਅਤੇ ਦੁੱਧ ਦਾ ਕਾਰੋਬਾਰ ਕਰਦੀ ਸੀ। ਸਾਡੇ ਘਰ ਨੂੰ ਲਗਾਤਾਰ 20 ਸਾਲ ਉਸਦੇ ਦੁੱਧ ਦੀ ਸੇਵਾ ਮਿਲਦੀ ਰਹੀ। ਉਹਨਾਂ ਦਾ ਘਰ ਸਾਡੇ ਸਕੂਲ ਵਾਲੀ ਸੜਕ ਦੇ ਕੋਲ ਸੀ।

ਮੇਰੀ ਦਾਦੀ ਅਕਸਰ ਕਹਿੰਦੀ, "ਇਹ ਮੇਰੀ ਸਾਥਣ ਹੈ। ਸਾਡੀ ਦੋਸਤੀ ਬਹੁਤ ਪੁਰਾਣੀ ਹੈ। ਜਿਥੇ ਵੀ ਮੈਂ ਜਾਦੀ ਹਾਂ, ਤਾਈ ਮੇਰੇ ਨਾਲ ਜਾਂਦੀ ਹੈ।" ਦਾਦੀ ਅਤੇ ਤਾਈ ਦੀ ਦੋਸਤੀ ਪੱਕੀ ਸੀ। ਉਹਨਾਂ ਦੀਆਂ ਗੱਲਾਂ ਵਿੱਚ ਹਮੇਸ਼ਾ ਹਾਸੇ-ਮਜ਼ਾਕ ਵਾਲੀਆਂ ਹੁੰਦੀਆਂ ਸਨ ।

ਕਦੇ-ਕਦੇ ਜ਼ਿੰਦਗੀ ਵਿੱਚ ਸਮੇਂ ਦੇ ਬਦਲਾਅ ਕਾਰਨ ਸਬੰਧ ਵੀ ਟੁੱਟ ਜਾਂਦੇ ਹਨ। ਮੇਰੇ ਤਾਏ ਦੀ ਇੱਕ ਛੋਟੀ ਜਿਹੀ ਗੱਲ 'ਤੇ ਤਾਈ ਦੇ ਮੁੰਡੇ ਨਾਲ ਲੜਾਈ ਹੋ ਗਈ। ਇਸ ਤੋਂ ਬਾਅਦ ਦੋਵੇਂ ਪਰਿਵਾਰਾਂ ਨੇ ਇਕ ਦੂਜੇ ਨਾਲ ਬੋਲਚਾਲ ਬੰਦ ਕਰ ਦਿੱਤੀ। ਪਰ ਇਹ ਟੁੱਟੇ ਸਬੰਧ ਤਾਈ ਨੂੰ ਅੰਦਰੋਂ ਤੋੜ ਦਿੰਦੇ ਸਨ। ਹਾਲਾਂਕਿ ਉਸਨੇ ਇੱਕ ਦਿਨ ਸ਼ਹਿਰ ਜਾ ਕੇ ਮੁੜ ਰਿਸ਼ਤੇ ਜੋੜ ਲਏ, ਪਰ ਉਹ ਪੁਰਾਣਾ ਪਿਆਰ ਕਦੇ ਮੁੜ ਨਹੀਂ ਆ ਸਕਿਆ।

2021 ਵਿੱਚ, ਤਾਈ ਦੀ ਤਬੀਅਤ ਅਚਾਨਕ ਬਿਗੜ ਗਈ। ਸ਼ੂਗਰ ਵਧਣ ਕਾਰਨ ਉਸ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ। ਕੁਝ ਦਿਨਾਂ ਤੋਂ ਬਾਅਦ ਉਸਦੀ ਮੌਤ ਦੀ ਖ਼ਬਰ ਆਈ। ਇਹ ਖ਼ਬਰ ਪੂਰੇ ਪਿੰਡ ਵਿੱਚ ਸ਼ੋਕ ਦੀ ਲਹਿਰ ਬਣ ਗਈ। ਉਸਦੀ ਯਾਦ ਅੱਜ ਵੀ ਮੇਰੇ ਦਿਲ ਵਿੱਚ ਤਾਜ਼ਾ ਹੈ।

ਉਸਦੇ ਬੋਲ ਅਜੇ ਵੀ ਮੇਰੇ ਕੰਨ ਵਿੱਚ ਗੂੰਜਦੇ ਹਨ, "ਤੇਜਿਆਂ , ਦਮ ਲੈ ਲਾ !" ਅਤੇ ਮੈਂ ਸੋਚਦਾ ਹਾਂ, ਉਸ ਦੀਆਂ ਸਧਾਰਣ ਗੱਲਾਂ ਵਿੱਚ ਇੱਕ ਅਦਭੁਤ ਪਿਆਰ ਅਤੇ ਮਮਤਾ ਸੀ।

ਤਾਈ ਤਾਂ ਚਲੀ ਗਈ, ਪਰ ਉਸ ਦੀ ਯਾਦਾਂ ਹਮੇਸ਼ਾ ਮੇਰੇ ਨਾਲ ਰਹਿਣਗੀਆਂ। -ਲਵਪ੍ਰੀਤ ਸਿੰਘ

# ਕਿਰਤੀ ਕਿਸਾਨ ਯੂਨੀਅਨ ਦਾ ਵਫ਼ਦ ਪਿੰਡ ਮਾਛੀਕੇ ਦੇ ਮਾਮਲੇ ਦੇ ਸਬੰਧ ਵਿੱਚ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਦੀ ਅਗਵਾਈ ਵਿੱਚ ਡੀ ਐਸ ਪੀ ਬੱਧਨੀ ਕਲਾਂ ਨੂੰ ਮਿਲਿਆ




**ਮੋਗਾ, 17 ਦਸੰਬਰ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਭੂ ਮਾਫ਼ੀਆ ਧਾਮੀ ਵੱਲੋਂ ਕਿਰਤੀ ਕਿਸਾਨ ਯੂਨੀਅਨ ਦੇ ਕਾਰਕੁਨਾਂ ਅਤੇ ਹੋਰ ਪਿੰਡ ਮਾਛੀਕੇ ਦੇ ਸਾਥੀਆਂ ਤੇ ਕਰਵਾਈ ਗਈ ਝੂਠੀ ਐਫ ਆਰ ਆਈ ਨੂੰ ਰੱਦ ਕਰਵਾਉਣ ਲਈ ਬਿਆਨ ਦਰਜ ਕਰਵਾਏ ਗਏ। ਭੂ ਮਾਫ਼ੀਆ ਧਾਮੀ ਸਮੇਤ ਸਾਰੇ ਦੋਸ਼ੀਆਂ ਨੂੰ ਤੁਰੰਤ ਗਿਰਫ਼ਤਾਰ ਕਰਨ ਅਤੇ ਐਫ਼ ਆਰ ਆਈ ਵਿੱਚ ਇਰਾਦਾ ਕਤਲ ਦੀ ਧਾਰਾ ਦਰਜ ਕਰਨ ਦੀ ਮੰਗ ਕੀਤੀ ਗਈ। ਡੀ ਐਸ ਪੀ ਬੱਧਨੀ ਕਲਾਂ ਨੇ ਜੋ ਝੂਠੀ ਐਫ ਆਰ ਆਈ ਕੀਤੀ ਗਈ ਹੈ ਉਸ ਨੂੰ ਤੁਰੰਤ ਰੱਦ ਕਰਨ ਅਤੇ ਭੂ ਮਾਫੀਆ ਧਾਮੀ ਸਮੇਤ ਸਾਰੇ ਦੋਸ਼ੀਆਂ ਨੂੰ ਗਿਰਫ਼ਤਾਰ ਕਰਨ ਦਾ ਭਰੋਸਾ ਦਿੱਤਾ। ਆਗੂਆਂ ਨੇ ਕਿਹਾ ਕਿ ਜੇਕਰ ਸਾਰੇ ਪੁਲਿਸ ਪ੍ਰਸ਼ਾਸਨ ਨੇ ਸਾਰੇ ਮਸਲੇ ਨੂੰ ਹੱਲ ਕਰਨ ਤੋਂ ਆਨਾ ਕਾਨੀ ਕੀਤੀ ਤਾਂ ਜੱਥੇਬੰਦੀ ਨਿਹਾਲ ਸਿੰਘ ਵਾਲਾ ਦੀ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਸੰਘਰਸ਼ ਵਿੱਢੇਗੀ।

## ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦੀ

# ਸ਼ਹਾਦਤ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ





**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 17 ਦਸੰਬਰ (ਕੁਲਜੀਤ ਸਿੰਘ ਖੋਖਰ)**-ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਪਬਲਿਕ ਸਕੂਲ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਅਧੀਨ ਡਾਇਰੈਕਟਰ ਆਫ਼ ਐਜੂਕੇਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸੁਰਜੀਤ ਸਿੰਘ ਤੁਗਲਵਾਲਾ ਦੀ ਰਹਿਨੁਮਾਈ ਹੇਠ ਅਤੇ ਸਕੂਲ ਦੇ ਪ੍ਰਿੰਸੀਪਲ ਸਾਹਿਬਾਨ ਸ ਹਰਪ੍ਰੀਤ ਸਿੰਘ ਜੀ ਉਪਲ ਦੇ ਵਿਸ਼ੇਸ਼ ਪ੍ਰਬੰਧਕਾਂ ਸਦਕਾ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਬੱਚਿਆਂ ਦੇ ਮਾਤਾ ਪਿਤਾ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਨੇ ਹਾਜ਼ਰੀ ਭਰੀ ਸਮਾਗਮ ਵਿੱਚ ਸਕੂਲ ਦੇ ਬੱਚਿਆਂ ਨੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਲੈ ਕੇ ਸ਼ਬਦ ਕੀਰਤਨ ਕਰਕੇ ਪਰੰਪਰਾ ਨਿਭਾਈ ਅਤੇ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ ਤੇ ਗ੍ਰੰਥੀਆਂ ਸਿੰਘਾਂ ਸਹਿਬਾਨਾਂ ਵੱਲੋਂ ਆਈਆਂ ਸੰਗਤਾਂ ਨੂੰ ਸਹਿਬਜ਼ਾਦਿਆਂ ਦੇ ਜੀਵਨ ਤੋਂ ਜਾਣੂ ਕਰਵਾਇਆ ਇਸ ਤੋਂ ਬਾਅਦ ਵਿੱਚ ਸ੍ਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸੁਰਜੀਤ ਸਿੰਘ ਤੁਗਲਵਾਲਾ ਨੇ ਆਈਆਂ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਮਾਤਾ ਪਿਤਾ ਦਾ ਫਰਜ਼ ਬਣਦਾ ਹੈ ਕਿ ਉਹ ਗੁਰੂ ਸਾਹਿਬ ਜੀ ਦੇ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੇ ਬਾਰੇ ਆਪਣੇ ਬੱਚਿਆਂ ਨੂੰ ਜ਼ਰੂਰ ਦੱਸਣ ਅਤੇ ਅਗੇ ਉਹਨਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਬਾਰੇ ਜਾਗਰੂਕ ਕਰੋ ਇਸ ਤੋਂ ਬਾਅਦ ਵਿੱਚ ਸਕੂਲ ਦੇ ਪ੍ਰਿੰਸੀਪਲ ਸਾਹਿਬਾਨ ਸ ਹਰਪ੍ਰੀਤ ਸਿੰਘ ਉਪਲ ਨੇ ਕਿਹਾ ਕਿ ਮੈਂ ਭੰਡਾਲ ਵਿਚ ਬੈਠੀਆਂ ਸੰਗਤਾਂ ਨੂੰ ਬੇਨਤੀ ਕਰਦਾ ਹਾਂ ਕਿ ਆਪਣੇ ਬੱਚਿਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੂਲਾਂ ਵਿਚ ਦਾਖਲ ਕਰਵਾਇਆ ਜਾਵੇ ਤਾਂ ਜ਼ੋ ਕੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਬਾਰੇ ਪਤਾ ਲੱਗ ਸਕੇ ਇਸ ਮੌਕੇ ਉਨ੍ਹਾਂ ਨਾਲ ਅਧਿਆਪਕ ਦਿਲਬਾਗ ਸਿੰਘ ਰਵਿੰਦਰ ਸਿੰਘ ਜੀ ਅਨੂਜੀਤ ਕੋਰ ਰੁਪਿੰਦਰ ਕੌਰ ਹਰਜੀਤ ਕੌਰ ਸਰਬਜੀਤ ਕੌਰ ਮਨਪ੍ਰੀਤ ਕੌਰ ਸਰਵਨ ਸਿੰਘ ਸ਼ਰਨਜੀਤ ਕੌਰ ਸੁਖਜੀਤ ਕੌਰ ਗੁਰਿੰਦਰ ਕੌਰ ਪ੍ਰਭਜੋਤ ਕੌਰ ਹਰਕੀਰਤ ਕੌਰ ਲਵਦੀਪ ਕੋਰ ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।

# ਕੰਪਿਊਟਰ ਅਧਾਰਤ ਟੈਸਟਿੰਗ ਦੁਆਰਾ ਵਿਦਿਅਕ ਪਾੜੇ ਨੂੰ ਪੂਰਾ ਕਰਨਾ

**ਇੱਕ** ਸਫਲ ਕਲਾਸਰੂਮ ਸਿਰਫ਼ ਕਿਤਾਬਾਂ ਅਤੇ ਸਰੋਤਾਂ ਬਾਰੇ ਨਹੀਂ ਹੈ; ਇਹ ਇੱਕ ਅਜਿਹਾ ਮਾਹੌਲ ਬਣਾਉਣ ਬਾਰੇ ਹੈ ਜਿੱਥੇ ਵਿਦਿਆਰਥੀ ਸਫ਼ਲ ਹੋਣ ਲਈ ਕਦਰਦਾਨੀ, ਸੁਣੇ ਅਤੇ ਸ਼ਕਤੀਮਾਨ ਮਹਿਸੂਸ ਕਰਦੇ ਹਨ ਭਾਰਤ ਵਰਗੇ ਆਬਾਦੀ ਵਾਲੇ ਅਤੇ ਵਿਭਿੰਨ ਦੇਸ਼ਾਂ ਵਿੱਚ, ਵਿਦਿਅਕ ਲੈਂਡਸਕੇਪ ਅਕਸਰ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਬਿਲਕੁਲ ਅੰਤਰ ਨੂੰ ਦਰਸਾਉਂਦਾ ਹੈ। ਸ਼ਹਿਰੀ ਖੇਤਰ ਉੱਨਤ ਬੁਨਿਆਦੀ ਢਾਂਚੇ ਅਤੇ ਵਿਆਪਕ ਵਿਦਿਅਕ ਮੌਕਿਆਂ ਤੱਕ ਪਹੁੰਚ ਤੋਂ ਲਾਭ ਉਠਾਉਂਦੇ ਹਨ, ਜਦੋਂ ਕਿ ਪੇਂਡੂ ਖੇਤਰ ਅਕਸਰ ਸੀਮਤ ਸਰੋਤਾਂ ਅਤੇ ਮੌਕਿਆਂ ਨਾਲ ਸੰਘਰਸ਼ ਕਰਦੇ ਹਨ। ਇਹ ਅਸਮਾਨਤਾ ਪੇਂਡੂ ਭਾਈਚਾਰਿਆਂ ਵਿੱਚ ਵਿਦਿਆਰਥੀਆਂ ਨੂੰ ਮਹੱਤਵਪੂਰਨ ਤੌਰ 'ਤੇ ਪ੍ਰਭਾਵਿਤ ਕਰਦੀ ਹੈ, ਉਹਨਾਂ ਦੇ ਕੈਰੀਅਰ ਦੀਆਂ ਸੰਭਾਵਨਾਵਾਂ ਨੂੰ ਸੀਮਤ ਕਰਦੀ ਹੈ ਅਤੇ ਗਰੀਬੀ ਦੇ ਚੱਕਰ ਨੂੰ ਸਥਾਈ ਕਰਦੀ ਹੈ। ਹਾਲਾਂਕਿ, ਕੰਪਿਊਟਰ-ਅਧਾਰਿਤ ਟੈਸਟਿੰਗ (ਸੀਬੀਟੀ) ਵਰਗੇ ਨਵੀਨਤਾਕਾਰੀ ਹੱਲ ਇਸ ਪਾੜੇ ਨੂੰ ਪੂਰਾ ਕਰਨ ਦੀ ਸਮਰੱਥਾ ਰੱਖਦੇ ਹਨ, ਵਧੀ ਹੋਈ ਰੁਜ਼ਗਾਰਯੋਗਤਾ ਅਤੇ ਸਮਾਜਿਕ-ਆਰਥਿਕ ਤਰੱਕੀ ਨੂੰ ਉਤਸ਼ਾਹਿਤ ਕਰਦੇ ਹਨ। ਪ੍ਰਮਾਣੀਕਰਣ ਦੁਆਰਾ ਸ਼ਕਤੀਕਰਨ: ਵਿਦਿਅਕ ਕੇਂਦਰ ਵਿਅਕਤੀਆਂ ਨੂੰ ਅਜਿਹੇ ਹੁਨਰਾਂ ਨਾਲ ਲੈਸ ਕਰਕੇ ਸਮਾਜਿਕ-ਆਰਥਿਕ ਵਿਕਾਸ ਨੂੰ ਉਤਸ਼ਾਹਤ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਜੋ ਰੁਜ਼ਗਾਰ ਅਤੇ ਉੱਦਮਤਾ ਵੱਲ ਲੈ ਜਾਂਦੇ ਹਨ। ਔਨਲਾਈਨ ਸਿੱਖਣ ਦੀਆਂ ਪਹਿਲਕਦਮੀਆਂ ਅਤੇ ਸੀਬੀਟੀ ਮਿਆਰੀ ਸਿੱਖਿਆ ਤੱਕ ਬਰਾਬਰ ਪਹੁੰਚ ਦੀ ਪੇਸ਼ਕਸ਼ ਕਰਦੇ ਹਨ, ਪੇਂਡੂ ਸਿਖਿਆਰਥੀਆਂ ਨੂੰ ਉਨ੍ਹਾਂ ਦੇ ਸ਼ਹਿਰੀ ਹਮਰੁਤਬਾ ਦੇ ਮੁਕਾਬਲੇ ਮੌਕੇ ਪ੍ਰਦਾਨ ਕਰਦੇ ਹਨ। ਸੀਬੀਟੀ ਕੋਰਸਾਂ ਅਤੇ ਪ੍ਰਮਾਣੀਕਰਣਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਨੂੰ ਸਮਰੱਥ ਬਣਾ ਕੇ ਇਹਨਾਂ ਪਹਿਲਕਦਮੀਆਂ ਨੂੰ ਵਧਾਉਂਦਾ ਹੈ, ਜਿਸ ਵਿੱਚ ਤਕਨੀਕੀ ਹੁਨਰ ਜਿਵੇਂ ਕੋਡਿੰਗ ਅਤੇ ਡੇਟਾ ਵਿਸ਼ਲੇਸ਼ਣ ਅਤੇ ਸੰਚਾਰ ਅਤੇ ਲੀਡਰਸ਼ਿਪ ਵਰਗੇ ਨਰਮ ਹੁਨਰ ਸ਼ਾਮਲ ਹਨ। ਪ੍ਰਮਾਣੀਕਰਣ ਜੋ ਰਾਸ਼ਟਰੀ ਜਾਂ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਹਨ, ਵਿਅਕਤੀਆਂ ਦੇ ਹੁਨਰਾਂ ਨੂੰ ਮਹੱਤਵ ਦਿੰਦੇ ਹਨ, ਉਹਨਾਂ ਨੂੰ ਨੌਕਰੀ ਦੇ ਬਾਜ਼ਾਰ ਵਿੱਚ ਵਧੇਰੇ ਪ੍ਰਤੀਯੋਗੀ ਬਣਾਉਂਦੇ ਹਨ। ਜਿਵੇਂ ਕਿ ਵਧੇਰੇ ਲੋਕ ਉੱਚ ਪੱਧਰੀ ਅਤੇ ਰੁਜ਼ਗਾਰ ਸੁਰੱਖਿਅਤ ਕਰਦੇ ਹਨ, ਭਾਈਚਾਰਿਆਂ ਨੂੰ ਆਰਥਿਕ ਵਿਕਾਸ ਦਾ ਅਨੁਭਵ ਹੁੰਦਾ ਹੈ। ਪੜ੍ਹੇ-ਲਿਖੇ ਵਿਅਕਤੀ ਅਕਸਰ ਆਪਣੇ ਭਾਈਚਾਰਿਆਂ ਵਿੱਚ ਗਿਆਨ ਸਾਂਝਾ ਕਰਦੇ ਹਨ, ਇੱਕ ਲਹਿਰ ਪ੍ਰਭਾਵ ਪੈਦਾ ਕਰਦੇ ਹਨ ਜੋ ਨਿਰੰਤਰ ਸਿੱਖਣ ਅਤੇ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ। ਹੁਨਰ ਦੇ ਅੰਤਰ ਨੂੰ ਸੰਬੋਧਿਤ ਕਰਨਾ: ਤਕਨੀਕੀ ਹੁਨਰਾਂ ਦੀ ਮੰਗ ਵਿਸ਼ਵ ਪੱਧਰ 'ਤੇ ਵੱਧ ਰਹੀ ਹੈ। ਵਰਲਡ ਇਕਨਾਮਿਕ ਫੋਰਮ ਦੀ ਨੌਕਰੀਆਂ ਦਾ ਭਵਿੱਖ ਰਿਪੋਰਟ 2023 ਉਜਾਗਰ ਕਰਦੀ ਹੈ ਕਿ ਤਕਨਾਲੋਜੀ ਅਤੇ ਆਈਟੀ ਦੀਆਂ ਭੂਮਿਕਾਵਾਂ ਸਿਖਰ ਦੀਆਂ 100 ਵੱਧ ਰਹੀਆਂ ਨੌਕਰੀਆਂ ਵਿੱਚੋਂ 16 ਬਣਾਉਂਦੀਆਂ ਹਨ, ਜੋ ਕਿ ਤਕਨੀਕੀ-ਸੰਬੰਧੀ ਮਹਾਰਤ ਦੇ ਵਧਦੇ ਮਹੱਤਵ ਨੂੰ ਦਰਸਾਉਂਦੀਆਂ ਹਨ। ਇਸ ਦੇ ਉਲਟ, ਮੈਨਪਾਵਰ ਗਰੁੱਪ ਦੁਆਰਾ ਗਲੋਬਲ ਟੈਲੇਂਟ ਸ਼ਾਰਟੇਜ ਰਿਪੋਰਟ ਇੱਕ ਮਹੱਤਵਪੂਰਨ ਹੁਨਰ ਦੇ ਪਾੜੇ ਨੂੰ ਦਰਸਾਉਂਦੀ ਹੈ, ਜਿਸ ਵਿੱਚ 77 ਪ੍ਰਤੀਸ਼ਤ ਮਾਲਕ ਯੋਗਤਾ ਪ੍ਰਾਪਤ ਪ੍ਰਤਿਭਾ ਲੱਭਣ ਲਈ ਸੰਘਰਸ਼ ਕਰ ਰਹੇ ਹਨ। ਇਸ ਪਾੜੇ ਨੂੰ ਪੂਰਾ ਕਰਨਾ ਮੌਜੂਦਾ ਅਤੇ ਭਵਿੱਖੀ ਬਾਜ਼ਾਰ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਮਹੱਤਵਪੂਰਨ ਹੈ, ਖਾਸ ਤੌਰ 'ਤੇ ਆਈਟੀ ਅਤੇ ਤਕਨੀਕੀ-ਕੇਂਦ੍ਰਿਤ ਕੋਰਸਾਂ ਦੁਆਰਾ। ਪੀਅਰਸਨ ਵੀਯੂਈ ਦੀ 2023 ਵੈਲਿਊ ਆਫ ਆਈਟੀ ਸਰਟੀਫਿਕੇਸ਼ਨ ਕੈਂਡੀਡੇਟ ਰਿਪੋਰਟ ਦੇ ਅਨੁਸਾਰ, 81 ਫੀਸਦੀ ਲੋਕਾਂ ਨੇ ਨੌਕਰੀ ਦੇ ਨਵੇਂ ਮੌਕਿਆਂ ਦੀ ਪੜਚੋਲ ਕਰਨ ਲਈ ਸ਼ਕਤੀ ਮਹਿਸੂਸ ਕਰਨ ਦੇ ਨਾਲ, ਆਈਟੀ ਪ੍ਰਮਾਣੀਕਰਣ ਹਾਸਲ ਕਰਨ ਵਾਲੇ ਪੇਸ਼ੇਵਰਾਂ ਨੇ ਆਪਣੀ ਕਾਬਲੀਅਤ ਵਿੱਚ ਵਿਸ਼ਵਾਸ ਪ੍ਰਾਪਤ ਕੀਤਾ ਹੈ। ਸੀਬੀਟੀ ਸਮਰੱਥਾਵਾਂ ਵਾਲੇ ਵਿਦਿਅਕ ਕੇਂਦਰ ਪੇਂਡੂ ਖੇਤਰਾਂ ਦੇ ਵਿਅਕਤੀਆਂ ਨੂੰ ਪ੍ਰਮਾਣੀਕਰਣ ਪ੍ਰਾਪਤ ਕਰਨ ਦੇ ਯੋਗ ਬਣਾਉਂਦੇ ਹਨ ਜੋ ਮਾਰਕੀਟ ਦੀਆਂ ਜ਼ਰੂਰਤਾਂ ਦੇ ਅਨੁਸਾਰ ਹੁੰਦੇ ਹਨ, ਇਸ ਤਰ੍ਹਾਂ ਦੇਸ਼ ਭਰ ਵਿੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਰੁਜ਼ਗਾਰਯੋਗਤਾ ਨੂੰ ਉਤਸ਼ਾਹਿਤ ਕਰਦੇ ਹਨ। ਕੰਪਿਊਟਰ-ਅਧਾਰਿਤ ਟੈਸਟਿੰਗ ਦੀ ਵਿਆਪਕ ਪਹੁੰਚ: ਸੀਬੀਟੀ ਦੀ ਲਚਕਦਾਰ ਪ੍ਰਕਿਰਤੀ ਰਵਾਇਤੀ ਟੈਸਟਿੰਗ ਤਰੀਕਿਆਂ ਨਾਲੋਂ ਵਿਲੱਖਣ ਫਾਇਦੇ ਪ੍ਰਦਾਨ ਕਰਦੀ ਹੈ। ਉਮੀਦਵਾਰ ਸੁਵਿਧਾਜਨਕ ਟੈਸਟਿੰਗ ਸਥਾਨ ਅਤੇ ਸਮਾਂ ਸਲਾਟ ਚੁਣ ਸਕਦੇ ਹਨ, ਤਣਾਅ ਨੂੰ ਘਟਾ ਸਕਦੇ ਹਨ ਅਤੇ ਪ੍ਰਦਰਸ਼ਨ ਵਿੱਚ ਸੁਧਾਰ ਕਰ ਸਕਦੇ ਹਨ। ਇਹ ਪਹੁੰਚ ਕੋਵਿਡ-19 ਮਹਾਂਮਾਰੀ ਦੌਰਾਨ ਅਨਮੋਲ ਸਾਬਤ ਹੋਈ, ਜਿਸ ਨਾਲ ਵਿਅਕਤੀਆਂ ਨੂੰ ਰਿਮੋਟ ਤੋਂ ਇਮਤਿਹਾਨ ਦੇਣ ਦੀ ਇਜਾਜ਼ਤ ਦਿੱਤੀ ਗਈ। 2023 ਦੀ ਵੈਲਿਊ ਆਫ ਆਈਟੀ ਸਰਟੀਫਿਕੇਸ਼ਨ ਰਿਪੋਰਟ ਪ੍ਰਮਾਣੀਕਰਣਾਂ ਦੇ ਠੋਸ ਫਾਇਦਿਆਂ ਨੂੰ ਰੇਖਾਂਕਿਤ ਕਰਦੀ ਹੈ: 35 ਪ੍ਰਤੀਸ਼ਤ ਭਾਰਤੀ ਉਮੀਦਵਾਰਾਂ ਨੇ ਨੌਕਰੀ ਦੀਆਂ ਤਰੱਕੀਆਂ ਦਾ ਅਨੁਭਵ ਕੀਤਾ, ਜਦੋਂ ਕਿ 37 ਪ੍ਰਤੀਸ਼ਤ ਨੇ ਆਪਣੇ ਉਦਯੋਗ ਵਿੱਚ ਨਵੇਂ ਮੌਕੇ ਪ੍ਰਾਪਤ ਕੀਤੇ, ਅਤੇ 20 ਪ੍ਰਤੀਸ਼ਤ ਨੇ ਵੱਖ-ਵੱਖ ਖੇਤਰਾਂ ਵਿੱਚ ਤਬਦੀਲੀ ਕੀਤੀ। ਸ਼ਹਿਰੀ-ਪੇਂਡੂ ਅਸਮਾਨਤਾਵਾਂ ਨੂੰ ਪੂਰਾ ਕਰਨਾ: ਵਿੱਚ ਸੀਬੀਟੀ ਕੇਂਦਰਾਂ ਦੀ ਵੱਧ ਰਹੀ ਉਪਲਬਧਤਾਦੂਰ-ਦੁਰਾਡੇ ਦੇ ਖੇਤਰ ਸਿੱਖਿਆ ਅਤੇ ਰੁਜ਼ਗਾਰ ਵਿੱਚ ਖੇਤਰੀ ਅਸਮਾਨਤਾਵਾਂ ਨੂੰ ਹੱਲ ਕਰਨ ਵੱਲ ਇੱਕ ਕਦਮ ਹੈ। ਇਹ ਕੇਂਦਰ ਵਿਅਕਤੀਆਂ ਨੂੰ ਹੁਨਰਮੰਦ ਬਣਾਉਣ, ਮਾਨਤਾ ਪ੍ਰਾਪਤ ਪ੍ਰਮਾਣ-ਪੱਤਰ ਹਾਸਲ ਕਰਨ, ਅਤੇ ਉਨ੍ਹਾਂ ਦੇ ਕਰੀਅਰ ਦੀਆਂ ਸੰਭਾਵਨਾਵਾਂ ਨੂੰ ਬਿਹਤਰ ਬਣਾਉਣ ਦਾ ਮਾਰਗ ਪ੍ਰਦਾਨ ਕਰਦੇ ਹਨ। ਜਿਵੇਂ ਕਿ ਭਾਰਤ ਆਪਣੇ ਸੀਬੀਟੀ ਬੁਨਿਆਦੀ ਢਾਂਚੇ ਦਾ ਵਿਸਤਾਰ ਕਰਨਾ ਜਾਰੀ ਰੱਖਦਾ ਹੈ, ਰਾਸ਼ਟਰ ਬਰਾਬਰ ਵਿਦਿਅਕ ਮੌਕਿਆਂ ਨੂੰ ਪ੍ਰਾਪਤ ਕਰਨ ਅਤੇ ਸਮਾਵੇਸ਼ੀ ਸਮਾਜਕ-ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਨੇੜੇ ਜਾਂਦਾ ਹੈ।

**ਭਾਰਤ ਦੇ ਸ਼ਹਿਰੀ-ਪੇਂਡੂ ਪਾੜੇ ਨੂੰ ਪੂਰਾ ਕਰਨਾ: ਪੇਂਡੂ ਸਿਖਿਆਰਥੀਆਂ ਨੂੰ ਹੁਨਰਮੰਦ ਬਣਾਉਣਾ** : ਭਾਰਤ ਦੀ ਵਿਸ਼ਾਲ ਵਿਭਿੰਨਤਾ ਸੱਭਿਆਚਾਰ ਅਤੇ ਭਾਸ਼ਾ ਤੋਂ ਪਰੇ ਹੈ, ਸਿੱਖਿਆ, ਹੁਨਰ ਅਤੇ ਰੁਜ਼ਗਾਰ ਦੇ ਮੌਕਿਆਂ ਤੱਕ ਅਸਮਾਨ ਪਹੁੰਚ ਵਿੱਚ ਪ੍ਰਗਟ ਹੁੰਦੀ ਹੈ। ਭਾਰਤ ਮਹਾਨ ਭਾਸ਼ਾਈ, ਸੱਭਿਆਚਾਰਕ, ਨਸਲੀ, ਸਮਾਜਿਕ ਅਤੇ ਆਰਥਿਕ ਵਿਭਿੰਨਤਾ ਵਾਲਾ ਦੇਸ਼ ਹੈ। ਸ਼ਹਿਰੀ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਕੋਲ ਹੁਨਰ, ਸਿੱਖਿਆ ਅਤੇ ਰੁਜ਼ਗਾਰ ਦੇ ਮੌਕਿਆਂ ਤੱਕ ਪਹੁੰਚ ਹੈ ਜੋ ਅਰਧ-ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਲੋਕਾਂ ਲਈ ਆਸਾਨੀ ਨਾਲ ਉਪਲਬਧ ਨਹੀਂ ਹਨ। ਪਿਛਲੇ ਇੱਕ ਜਾਂ ਦੋ ਦਹਾਕਿਆਂ ਵਿੱਚ, ਬਹੁਤ ਸਾਰੇ ਕਾਰਕਾਂ ਦੇ ਕਾਰਨ ਹੁਨਰ ਅਤੇ ਸਿੱਖਿਆ ਦੇ ਵਾਤਾਵਰਣ ਵਿੱਚ ਕਾਫ਼ੀ ਵਾਧਾ ਅਤੇ ਵਿਕਾਸ ਹੋਇਆ ਹੈ। ਸਰਕਾਰਾਂ - ਕੇਂਦਰੀ ਅਤੇ ਰਾਜ ਦੋਵੇਂ - ਨੇ ਇਹ ਮਹਿਸੂਸ ਕੀਤਾ ਹੈ ਕਿ ਭਾਰਤ ਨੂੰ ਇਸਦੇ ਬਹੁਤ ਜ਼ਿਆਦਾ ਜਨਸੰਖਿਆ ਲਾਭਅੰਸ਼ ਤੋਂ ਲਾਭ ਪ੍ਰਾਪਤ ਕਰਨ ਦਾ ਇੱਕੋ ਇੱਕ ਤਰੀਕਾ ਇਹ ਯਕੀਨੀ ਬਣਾਉਣਾ ਹੈ ਕਿ ਕੰਮਕਾਜੀ ਯੁੱਗ ਵਿੱਚ ਵਿਅਕਤੀ ਵੱਧਦੇ ਹੋਏ ਗਲੋਬਲ ਕਾਰਜ ਸਥਾਨਾਂ ਵਿੱਚ ਵਧਣ-ਫੁੱਲਣ ਲਈ ਲੋੜੀਂਦੇ ਗਿਆਨ ਅਤੇ ਹੁਨਰਾਂ ਨਾਲ ਲੈਸ ਹਨ। ਕੇਂਦਰੀ ਅਤੇ ਰਾਜ ਹੁਨਰਮੰਦ ਸੰਸਥਾਵਾਂ ਨੇ ਵਿਸ਼ਾਲ ਪ੍ਰਣਾਲੀਆਂ ਬਣਾਈਆਂ ਹਨ ਜੋ ਭਾਰਤ ਦੇ ਆਲੇ-ਦੁਆਲੇ ਦੇ ਹਰ ਜ਼ਿਲ੍ਹੇ ਤੱਕ ਪਹੁੰਚਦੀਆਂ ਹਨ ਅਤੇ ਹੁਣ ਤੱਕ ਘੱਟ ਸੇਵਾ ਵਾਲੇ ਦਰਸ਼ਕਾਂ ਲਈ ਉੱਚ-ਗੁਣਵੱਤਾ ਦੇ ਸਰੋਤ ਉਪਲਬਧ ਕਰਵਾਉਂਦੀਆਂ ਹਨ। ਕਾਰਪੋਰੇਟ ਸੈਕਟਰ, ਪ੍ਰਚਲਿਤ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਕਾਨੂੰਨਾਂ ਦਾ ਲਾਭ ਉਠਾਉਂਦੇ ਹੋਏ, ਸਰਕਾਰੀ ਏਜੰਸੀਆਂ ਨਾਲ ਸਹਿਯੋਗ ਕਰਕੇ ਅਤੇ ਉਹਨਾਂ ਨੂੰ ਸਹਿ-ਫੰਡਿੰਗ, ਸਮੱਗਰੀ, ਪ੍ਰਮਾਣੀਕਰਣ ਅਤੇ ਨੌਕਰੀ ਦੇ ਮੌਕਿਆਂ ਦੇ ਨਾਲ ਸਮਰਥਨ ਕਰਕੇ ਇਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਡਾਇਰੈਕਟੋਰੇਟ ਜਨਰਲ ਆਫ਼ ਟਰੇਨਿੰਗ (ਸਕਿਲ ਡਿਵੈਲਪਮੈਂਟ ਐਂਡ ਐਂਟਰਪ੍ਰਨਿਓਰਸ਼ਿਪ ਮੰਤਰਾਲਾ) ਹਜ਼ਾਰਾਂ ਸੰਸਥਾਵਾਂ ਦੇ ਇੱਕ ਨੈਟਵਰਕ ਦਾ ਪ੍ਰਬੰਧਨ ਕਰਦਾ ਹੈ ਜੋ ਹਰ ਸਾਲ ਸੈਂਕੜੇ ਹਜ਼ਾਰਾਂ ਸਿਖਿਆਰਥੀਆਂ ਨੂੰ ਉੱਚ-ਗੁਣਵੱਤਾ ਹੁਨਰ ਉਪਲਬਧ ਕਰਾਉਣ ਲਈ ਕਾਰਪੋਰੇਟ ਸੈਕਟਰ ਅਤੇ ਸਿਵਲ ਸੁਸਾਇਟੀ ਨਾਲ ਸਹਿਯੋਗ ਕਰਦੇ ਹਨ। ਆਲ ਇੰਡੀਆ ਕਾਉਂਸਿਲ ਫਾਰ ਟੈਕਨੀਕਲ ਐਜੂਕੇਸ਼ਨ, ਹਜ਼ਾਰਾਂ ਇੰਜੀਨੀਅਰਿੰਗ ਸੰਸਥਾਵਾਂ ਦੇ ਆਪਣੇ ਨੈੱਟਵਰਕ ਰਾਹੀਂ, ਭਾਰਤ ਦੇ ਆਲੇ-ਦੁਆਲੇ ਦੇ ਸਿਖਿਆਰਥੀਆਂ ਨੂੰ ਉਨ੍ਹਾਂ ਦੇ ਸਥਾਨ ਜਾਂ ਸਮਾਜਿਕ-ਆਰਥਿਕ ਸੀਮਾਵਾਂ ਦੀ ਪਰਵਾਹ ਕੀਤੇ ਬਿਨਾਂ, ਅਤਿ-ਆਧੁਨਿਕ ਸਿਖਲਾਈ ਅਤੇ ਇੰਟਰਨਸ਼ਿਪ ਦੇ ਮੌਕੇ ਪ੍ਰਦਾਨ ਕਰਦੀ ਹੈ। ਉਦਾਹਰਨ ਲਈ, ਹਰ ਸਾਲ ਲੱਖਾਂ ਸਿਖਿਆਰਥੀਆਂ ਨਾਲ ਸਿੱਧੇ ਤੌਰ 'ਤੇ ਕੰਮ ਕਰਦੇ ਹੋਏ, ਰਾਸ਼ਟਰੀ ਪੱਧਰ 'ਤੇ ਇੰਜੀਨੀਅਰਿੰਗ ਕਾਲਜਾਂ, ਰਾਸ਼ਟਰੀ ਹੁਨਰ ਸਿਖਲਾਈ ਸੰਸਥਾਵਾਂ ਅਤੇ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਸਿਖਿਆਰਥੀਆਂ ਲਈ 9" ਸਪੈਕਟ੍ਰਮ ਵਿੱਚ ਕੋਰਸਵੇਅਰ ਅਤੇ ਹੁਨਰ ਉਪਲਬਧ ਕਰਵਾਉਂਦਾ ਹੈ। ਇਹ ਪ੍ਰੋਗਰਾਮ ਬਲੈਂਡਡ ਮੋਡ ਵਿੱਚ ਪੇਸ਼ ਕੀਤੇ ਜਾਂਦੇ ਹਨ, ਕਲਾਸਰੂਮ ਲਰਨਿੰਗ, ਸਮਕਾਲੀ ਵੀਡੀਓ, ਔਨਲਾਈਨ ਸਮੱਗਰੀ ਅਤੇ ਹੈਂਡ-ਆਨ ਪ੍ਰੋਜੈਕਟ ਵਰਕ ਦਾ ਲਾਭ ਉਠਾਉਂਦੇ ਹੋਏ। ਜਿੱਥੇ ਹੁਨਰ ਅਤੇ ਸਿੱਖਿਆ ਦੇ ਮੌਕੇ ਉਪਲਬਧ ਹਨ, ਉੱਥੇ ਕਈ ਮੁੱਦੇ ਹਨ ਜੋ ਇਹਨਾਂ ਪ੍ਰੋਗਰਾਮਾਂ ਦੇ ਲਾਭਾਂ ਨੂੰ ਸੀਮਤ ਕਰਦੇ ਹਨ। ਸਭ ਤੋਂ ਵੱਡੀ ਸਮੱਸਿਆ ਤਕਨਾਲੋਜੀ ਤੱਕ ਪਹੁੰਚ ਹੈ। ਕਿਉਂਕਿ ਕੋਰਸ ਬਲੈਂਡਡ ਮੋਡ ਵਿੱਚ ਪੇਸ਼ ਕੀਤੇ ਜਾਂਦੇ ਹਨ, ਸਿਖਿਆਰਥੀਆਂ ਨੂੰ ਉੱਚ ਬੈਂਡਵਿਡਥ ਇੰਟਰਨੈਟ ਕਨੈਕਟੀਵਿਟੀ ਵਾਲੇ ਕੰਪਿਊਟਰਾਂ ਤੱਕ ਪਹੁੰਚ ਦੀ ਲੋੜ ਹੁੰਦੀ ਹੈ ਨਾ ਕਿ ਸਿਰਫ਼ ਮੋਬਾਈਲ ਫੋਨ। ਭਾਰਤ ਵਿੱਚ ਲਗਭਗ ਹਰ ਘਰ ਵਿੱਚ ਮੋਬਾਈਲ ਫੋਨਾਂ ਦੀ ਪਹੁੰਚ ਹੈ ਪਰ ਵੱਡੇ ਉਪਕਰਨ ਜੋ ਤਕਨਾਲੋਜੀ ਵਿੱਚ ਅਨੁਭਵੀ ਸਿੱਖਣ ਲਈ ਵਧੇਰੇ ਅਨੁਕੂਲ ਹਨ, ਵਿਆਪਕ ਤੌਰ 'ਤੇ ਉਪਲਬਧ ਨਹੀਂ ਹਨ। ਇਨ੍ਹਾਂ ਖੇਤਰਾਂ ਵਿੱਚ ਮੌਜੂਦਾ ਵਿਦਿਅਕ ਸੰਸਥਾਵਾਂ ਦੇ ਅਹਾਤੇ ਦੇ ਅੰਦਰ ਲੈਬਾਂ ਅਤੇ ਡਿਜੀਟਲ ਲਾਇਬ੍ਰੇਰੀਆਂ ਨੂੰ ਦਾਨ ਅਤੇ/ਜਾਂ ਸਥਾਪਤ ਕਰਕੇ, ਸਰਕਾਰ ਅਤੇ ਕਾਰਪੋਰੇਟ ਸਟੇਕਹੋਲਡਰ, ਮੌਜੂਦਾ ਤਕਨਾਲੋਜੀ ਪਲੇਟਫਾਰਮਾਂ ਨੂੰ ਪੇਂਡੂ ਖੇਤਰਾਂ ਵਿੱਚ ਸਿਖਿਆਰਥੀਆਂ ਲਈ ਉਪਲਬਧ ਕਰਵਾ ਕੇ ਬਹੁਤ ਵੱਡਾ ਫ਼ਰਕ ਲਿਆ ਸਕਦੇ ਹਨ। ਦੂਜਾ ਮੁੱਦਾ ਸਥਾਨਕ ਰੁਜ਼ਗਾਰ ਤੱਕ ਪਹੁੰਚ ਹੈ। ਜ਼ਿਆਦਾਤਰ ਨੌਕਰੀਆਂ - ਖਾਸ ਤੌਰ 'ਤੇ ਤਕਨਾਲੋਜੀ-ਕੇਂਦ੍ਰਿਤ - ਵੱਡੇ ਸ਼ਹਿਰਾਂ ਅਤੇ ਕਸਬਿਆਂ ਦੇ ਆਲੇ ਦੁਆਲੇ ਕੇਂਦਰਿਤ ਹੁੰਦੀਆਂ ਹਨ। ਜਿਹੜੇ ਸਿਖਿਆਰਥੀ ਰੁਜ਼ਗਾਰ ਲਈ ਪਰਵਾਸ ਕਰਨ ਵਿੱਚ ਅਸਮਰੱਥ ਹਨ, ਉਨ੍ਹਾਂ ਲਈ ਇਹ ਇੱਕ ਵੱਡੀ ਰੁਕਾਵਟ ਹੈ। ਇਸ ਤੋਂ ਇਲਾਵਾ, ਬੇਸ਼ੱਕ, ਸ਼ਹਿਰੀ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਪ੍ਰਵਾਸ ਨਾਲ ਜੁੜੀਆਂ ਬਹੁਤ ਸਾਰੀਆਂ ਸਮੱਸਿਆਵਾਂ ਹਨ। ਸਥਾਨਕ ਕੈਰੀਅਰ ਦੇ ਮੌਕੇ ਪੈਦਾ ਕਰਨ ਦੀ ਜ਼ਰੂਰਤ ਹੈ ਜੋ ਲੋਕਾਂ ਨੂੰ ਇਜਾਜ਼ਤ ਦਿੰਦੇ ਹਨਕਿਸੇ ਵੱਡੇ ਸ਼ਹਿਰ ਜਾਂ ਕਸਬੇ ਵਿੱਚ ਪਰਵਾਸ ਕਰਨ ਦੀ ਲੋੜ ਤੋਂ ਬਿਨਾਂ, ਜਿੱਥੇ ਵੀ ਉਹ ਹਨ, ਲਾਭਦਾਇਕ ਕੰਮ ਕਰਦੇ ਹਨ। ਇਹ ਉੱਦਮਤਾ 'ਤੇ ਸਥਿਰ ਫੋਕਸ ਦੁਆਰਾ ਕੀਤਾ ਜਾ ਸਕਦਾ ਹੈ ਜੋ ਸਥਾਨਕ ਤੌਰ 'ਤੇ ਨੌਕਰੀਆਂ ਪੈਦਾ ਕਰਦਾ ਹੈ ਅਤੇ ਪੇਂਡੂ ਖੇਤਰਾਂ ਦੇ ਵਿਕਾਸ ਵਿੱਚ ਮਦਦ ਕਰਦਾ ਹੈ। ਪੇਂਡੂ ਸੂਖਮ-ਉਦਮਤਾ, ਖਾਸ ਤੌਰ 'ਤੇ ਖੇਤੀਬਾੜੀ ਅਤੇ ਸੰਬੰਧਿਤ ਖੇਤਰਾਂ 'ਤੇ ਕੇਂਦ੍ਰਿਤ, ਜਨ-ਪ੍ਰਵਾਸ ਅਤੇ ਇਕਪਾਸੜ ਆਰਥਿਕ ਵਿਕਾਸ ਨਾਲ ਜੁੜੀਆਂ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਹੱਲ ਕਰ ਸਕਦੀ ਹੈ। ਸਥਾਨਕ ਕਾਰੋਬਾਰ, ਇਸ ਤਰ੍ਹਾਂ ਬਣਾਏ ਗਏ, ਸਥਾਨਕ ਆਰਥਿਕਤਾ ਨੂੰ ਚਲਾਉਣਗੇ ਅਤੇ ਸਥਾਨਕ ਰੁਜ਼ਗਾਰ ਪੈਦਾ ਕਰਨਗੇ। ਗ੍ਰਾਮੀਣ ਉੱਦਮ 'ਤੇ ਮਜ਼ਬੂਤ ਫੋਕਸ, ਸਮਾਵੇਸ਼ੀ ਆਰਥਿਕ ਵਿਕਾਸ ਨੂੰ ਯਕੀਨੀ ਬਣਾ ਕੇ ਭਾਰਤ ਦੀ ਮਦਦ ਕਰੇਗਾ। ਸਰਕਾਰ ਅਤੇ ਕਾਰਪੋਰੇਟ ਸੈਕਟਰ ਦੁਆਰਾ ਕਈ ਪ੍ਰੋਗਰਾਮ ਹਨ ਜੋ ਇਸ ਨੂੰ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਉਹਨਾਂ ਨੂੰ ਨਾਗਰਿਕ ਸਮਾਜ ਦੇ ਸਹਿਯੋਗ ਨਾਲ ਵਧਾਉਣ ਅਤੇ ਹੋਰ ਸ਼ਕਤੀਸ਼ਾਲੀ ਬਣਾਉਣ ਦੀ ਲੋੜ ਹੈ। ਅਜਿਹੇ ਮਾਹੌਲ ਵਿੱਚ ਜਿੱਥੇ ਪੇਂਡੂ ਸਿਖਿਆਰਥੀਆਂ ਦੀ ਤਕਨਾਲੋਜੀ ਅਤੇ ਰੁਜ਼ਗਾਰ ਦੇ ਮੌਕਿਆਂ ਤੱਕ ਪਹੁੰਚ ਹੋਵੇ, ਸਰਕਾਰ ਅਤੇ ਕਾਰਪੋਰੇਟ ਸੈਕਟਰ ਦੁਆਰਾ ਹੁਨਰੀ ਪਹਿਲਕਦਮੀਆਂ ਇੱਕ ਵੱਡਾ ਪ੍ਰਭਾਵ ਪਾਉਣਗੀਆਂ। ਸਿਖਿਆਰਥੀ ਸਥਾਨਕ ਤੌਰ 'ਤੇ ਸਿੱਖਣ ਅਤੇ ਕਮਾਈ ਕਰਨ ਦੇ ਯੋਗ ਹੋਣਗੇ, ਜਿਸ ਨਾਲ ਸ਼ਹਿਰੀ-ਪੇਂਡੂ ਪਾੜਾ ਦੂਰ ਹੋਵੇਗਾ।

**ਰੰਗ ਬਦਲਣ ਦਾ ਮੌਸਮ** : ਪਰਿਵਰਤਨ ਕੁਦਰਤ ਦਾ ਨਿਯਮ ਹੈ ਅਤੇ ਇਸ ਪਰਿਵਰਤਨ ਦੀ ਪ੍ਰਕਿਰਿਆ ਵਿਚ ਰੁੱਤਾਂ ਦਾ ਚੱਕਰ ਮਨੁੱਖੀ ਮਨ, ਦਿਮਾਗ ਅਤੇ ਦਿਲ ਵਿਚ ਨਵੀਂ ਊਰਜਾ ਦਾ ਸੰਚਾਰ ਕਰਦਾ ਹੈ ਅਤੇ ਹਰ ਨਵੀਂ ਰੁੱਤ ਦੀਆਂ ਨਵੀਆਂ ਤਰੰਗਾਂ ਨਵੇਂ ਉਤਸ਼ਾਹ ਨਾਲ ਆਉਂਦੀਆਂ ਹਨ। ਕੁਦਰਤੀ ਰੰਗਾਂ ਅਤੇ ਬਦਲਦੀਆਂ ਰੁੱਤਾਂ ਦਾ ਇਹ ਖ਼ੂਬਸੂਰਤ ਨਜ਼ਾਰਾ ਰੰਗਾਂ ਦੇ ਇਸ ਤਿਉਹਾਰ ਵਿੱਚ ਪੂਰੀ ਧਰਤੀ ਅਤੇ ਸੂਰਜੀ ਮੰਡਲ ਨੂੰ ਭਿੱਜ ਜਾਂਦਾ ਹੈ। ਜਦੋਂ ਤੋਂ ਮਨੁੱਖ ਦਾ ਜਨਮ ਹੋਇਆ ਹੈ, ਸਾਰਾ ਸੰਸਾਰ ਰੰਗਾਂ ਦੀ ਪ੍ਰਕਿਰਿਆ, ਬਦਲਦੀਆਂ ਰੁੱਤਾਂ ਅਤੇ ਰੁੱਤਾਂ ਦੇ ਇਸ ਚੱਕਰ ਕਾਰਨ ਰੰਗਾਂ ਦੀ ਖੁਸ਼ੀ ਵਿੱਚ ਰੁੜ੍ਹ ਜਾਂਦਾ ਹੈ। ਬਦਲਦੀਆਂ ਰੁੱਤਾਂ ਦੀ ਇਹ ਪ੍ਰਕਿਰਿਆ ਅਤੇ ਰੰਗਾਂ ਦੀ ਰੋਮਾਂਟਿਕ ਚਾਦਰਇਹ ਇਸ ਤਰ੍ਹਾਂ ਬਦਲਦਾ ਹੈ ਕਿ ਧਰਤੀ ਦਾ ਹਰ ਪਲ ਹਰ ਮੌਸਮ ਵਿਚ ਨਵਾਂ ਲੱਗਦਾ ਹੈ। ਇਸ ਦਾ ਨਿਚੋੜ ਇਹ ਹੈ ਕਿ ਧਰਤੀ 'ਤੇ ਰਹਿਣ ਵਾਲੇ ਸਾਰੇ ਜੀਵ-ਜੰਤੂ, ਪੰਛੀ ਅਤੇ ਮਨੁੱਖ ਆਪਣੀ ਜ਼ਿੰਦਗੀ ਨੂੰ ਰੰਗਾਂ ਨਾਲ ਢੱਕ ਕੇ ਮੌਸਮ ਦਾ ਆਨੰਦ ਮਾਣ ਸਕਦੇ ਹਨ ਅਤੇ ਹਰ ਮੌਸਮ ਲਈ ਆਪਣੇ ਆਪ ਨੂੰ ਜਿਉਂਦਾ ਰੱਖ ਸਕਦੇ ਹਨ। ਜਿਉਂਦੇ ਰਹਿਣ ਅਤੇ ਅੱਗੇ ਵਧਣ ਦਾ ਨਵਾਂ ਰਾਹ ਮਨੁੱਖ ਨੂੰ ਨਵੇਂ ਸਾਹਾਂ ਦੀ ਪੂੰਜੀ ਨਾਲ ਭਰ ਦਿੰਦਾ ਹੈ। ਖ਼ੂਬਸੂਰਤੀ ਇਹ ਹੈ ਕਿ ਜ਼ਿੰਦਗੀ ਅਤੇ ਰੰਗਾਂ ਦੀ ਇਸ ਅਦਭੁਤ ਦੌੜ ਵਿਚ ਇਹ ਸਭ ਕੁਝ ਇਸ ਤਰ੍ਹਾਂ ਅਤੇ ਇਸ ਤਰ੍ਹਾਂ ਵਾਪਰਦਾ ਹੈ ਕਿ ਜ਼ਿੰਦਗੀ ਵਿਚ ਹੋਰ ਰੁੱਤਾਂ ਆਉਂਦੀਆਂ ਹਨ ਕਿ ਅਸੀਂ ਅੰਦਾਜ਼ਾ ਵੀ ਨਹੀਂ ਲਗਾ ਸਕਦੇ ਕਿ ਕਿਹੜਾ ਸਮਾਂ ਅਤੇ ਕਿਹੜੀ ਰੁੱਤ ਹੈ। ਰੁੱਤਾਂ ਦਾ ਚੱਕਰ ਅਤੇ ਕਿਹੜੇ ਮੌਸਮੀ ਰੰਗ ਬਦਲ ਗਏ ਹਨ। ਗਰਮੀ, ਸਰਦੀ, ਬਰਸਾਤ ਅਤੇ ਬਸੰਤ ਦੀਆਂ ਰੁੱਤਾਂ ਸਾਨੂੰ ਪਲਕ ਝਪਕਦਿਆਂ ਹੀ ਨਵੇਂ ਜੋਸ਼ ਅਤੇ ਉਤਸ਼ਾਹ ਨਾਲ ਭਰ ਦਿੰਦੀਆਂ ਹਨ। ਇਸ ਤਰ੍ਹਾਂ ਸੰਸਾਰ ਭਰ ਦੇ ਸਾਹਿਤ ਵਿਚ ਰੁੱਤਾਂ, ਕੁਦਰਤ ਅਤੇ ਮਨੁੱਖਾਂ ਵਿਚ ਤਬਦੀਲੀ ਦੀ ਪ੍ਰਕਿਰਿਆ ਨੂੰ ਖ਼ੂਬਸੂਰਤ ਸ਼ਬਦਾਂ ਵਿਚ ਬਿਆਨ ਕੀਤਾ ਗਿਆ ਹੈ। ਕਿਹਾ ਜਾਂਦਾ ਹੈ ਕਿ ਹਰ ਸਵੇਰ ਬਦਲਦੇ ਮੌਸਮ ਦਾ ਸੂਚਕ ਹੈ। ਸੂਰਜ ਦੀਆਂ ਪਹਿਲੀਆਂ ਕਿਰਨਾਂ ਸਾਨੂੰ ਹਰ ਨਵੇਂ ਰੰਗ ਅਤੇ ਇਸ ਧਰਤੀ 'ਤੇ ਰਹਿਣ ਵਾਲੇ ਜਾਨਵਰਾਂ, ਪੌਦਿਆਂ ਅਤੇ ਬਨਸਪਤੀ ਨਾਲ ਰੋਮਾਂਸ ਨਾਲ ਭਰ ਦਿੰਦੀਆਂ ਹਨ। ਇਹ ਧੁੱਪ ਦੀ ਛਾਂ ਹੈ ਅਤੇ ਇਹ ਰੰਗਾਂ ਦੀ ਆਮਦ ਹੈ, ਜੋ ਜੀਵਨ ਦੀ ਨਿਸ਼ਾਨੀ ਹੈ। ਪਰ ਇਹਨਾਂ ਬਦਲਦੀਆਂ ਰੁੱਤਾਂ ਵਿੱਚਅਸੀਂ ਕਲਪਨਾ ਵੀ ਨਹੀਂ ਕਰ ਸਕਦੇ ਕਿ ਰੰਗਾਂ ਦੀ ਰੁੱਤ ਇੰਨੀ ਹੌਲੀ-ਹੌਲੀ ਅਤੇ ਬਿਨਾਂ ਕਿਸੇ ਰੌਲੇ-ਰੱਪੇ ਦੇ ਸਾਡੀ ਜ਼ਿੰਦਗੀ ਵਿਚ ਕਿਵੇਂ ਆਉਂਦੀ ਹੈ। ਅਕਤੂਬਰ ਮਹੀਨੇ ਦੀ ਹਲਕੀ ਗਰਮੀ ਦੀ ਤਪਸ਼ ਤੋਂ ਥੱਕ ਜਾਣ ਤੋਂ ਬਾਅਦ ਨਵੰਬਰ ਮਹੀਨੇ ਦੀ ਗੁਲਾਬੀ ਠੰਢ ਦੀ ਆਮਦ ਨੇ ਹੁਣ ਦਸੰਬਰ ਦਾ ਸਫ਼ਰ ਸ਼ੁਰੂ ਕਰ ਦਿੱਤਾ ਹੈ।

**-ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਿਸਟ ਸਟਰੀਟ ਕੌਰ ਚੰਦ ਐਮ.ਐਚ.ਆਰ ਮਲੋਟ ਪੰਜਾਬ।**